ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨਿੱਚਰਵਾਰ, 27 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੧੩ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

# ਉੱਤਰਾਖੰਡ 'ਚ ਜ਼ਬਰਦਸਤੀ ਦਾਖਲ ਹੋਏ ਨਿਹੰਗ ਸਿੱਖ

## ਲਹਿਰਾਈਆਂ ਤਲਵਾਰਾਂ, ਗੱਲਬਾਤ ਮਗਰੋਂ ਵਾਪਸ ਪਰਤੇ



ਪਾਉਂਟਾ ਸਾਹਿਬ, ਦੇਹਰਾਦੂਨ, 26 ਜੂਨ (ਆਵਾਜ਼ਿ ਕੌਮ ਬਿਊਰੋ)- ਹਿਮਾਚਲ ਪ੍ਰਦੇਸ਼ ਦੀ ਸਰਹੱਦ ਨਾਲ ਲੱਗਦੇ ਦੇਹਰਾਦੂਨ ਜ਼ਿਲ੍ਹੇ ਦੇ ਵਿਕਾਸਨਗਰ-ਕੁਲ੍ਹਾ ਸਰਹੱਦ ਤੋਂ ਉੱਤਰਾਖੰਡ ਵਿੱਚ ਜ਼ਬਰਦਸਤੀ ਦਾਖਲ ਹੋਏ ਨਿਹੰਗ ਸਿੱਖ ਪੁਲਸ ਅਤੇ ਪ੍ਰਸ਼ਾਸਨ ਨਾਲ ਗੱਲਬਾਤ ਤੋਂ ਬਾਅਦ ਵਾਪਸ ਆ ਗਏ। ਪੁਲਸ ਸਾਵਧਾਨੀ ਵਜੋਂ ਸਰਹੱਦ 'ਤੇ ਹਾਈ ਅਲਰਟ 'ਤੇ ਹੈ। ਅਧਿਕਾਰੀਆਂ ਨੇ ਸ਼ੁੱਕਰਵਾਰ ਨੂੰ ਇਹ ਜਾਣਕਾਰੀ ਦਿੱਤੀ। ਦੇਹਰਾਦੂਨ ਦੇ ਜ਼ਿਲ੍ਹਾ ਮੈਜਿਸਟ੍ਰੇਟ ਅਸ਼ੀਸ਼ ਚੌਹਾਨ ਨੇ ਦੱਸਿਆ ਕਿ ਵੀਰਵਾਰ ਰਾਤ ਨੂੰ ਸਰਹੱਦ 'ਤੇ ਪੈਦਾ ਹੋਈ ਸਥਿਤੀ ਨੂੰ ਸੁਲਝਾ ਲਿਆ ਗਿਆ ਅਤੇ ਸਥਿਤੀ ਕਾਬੂ ਹੇਠ ਹੈ। ਉਨ੍ਹਾਂ ਕਿਹਾ ਕਿ ਨਿਹੰਗ ਸ਼ਾਂਤੀਪੂਰਵਕ ਪਾਉਂਟਾ ਸਾਹਿਬ (ਹਿਮਾਚਲ ਪ੍ਰਦੇਸ਼ ਸਰਹੱਦ) ਵਾਪਸ ਆ ਗਏ ਹਨ। ਸਥਿਤੀ ਹੁਣ ਕਾਬੂ ਹੇਠ ਹੈ। ਇਸ ਸਬੰਧ ਵਿੱਚ ਦੇਹਰਾਦੂਨ ਦੇ ਸੀਨੀਅਰ ਪੁਲਸ ਸੁਪਰਡੈਂਟ (ਐਸਐਸਪੀ) ਪ੍ਰਮੋਦ ਸਿੰਘ ਡੋਬਲ ਨੇ ਦੱਸਿਆ ਕਿ ਕੁੱਲਹਾਲ ਸਰਹੱਦ 'ਤੇ ਪੁਲਸ ਪ੍ਰਬੰਧ ਕੀਤੇ ਗਏ ਸਨ। ਸਾਡੀ ਬੇਨਤੀ ਸਵੀਕਾਰ ਕਰਦੇ ਹੋਏ ਵੱਡੀ ਗਿਣਤੀ ਵਿੱਚ ਨਿਹੰਗਾਂ ਨੇ ਪਾਉਂਟਾ ਸਾਹਿਬ ਵਾਪਸ ਜਾਣ ਦਾ ਫੈਸਲਾ ਲਿਆ। ਹਾਲਾਂਕਿ ਡੋਬਲ ਨੇ ਕਿਹਾ ਕਿ ਕੁਝ ਨਿਹੰਗ ਸਰਹੱਦ ਤੋਂ ਦੇਹਰਾਦੂਨ ਵਿੱਚ ਦਾਖਲ ਹੋਏ ਸਨ ਅਤੇ ਉਨ੍ਹਾਂ ਦੇ ਇੱਕ ਜਾਂ ਦੋ ਵਾਹਨ ਰੇਸ ਕੋਰਸ ਖੇਤਰ ਵਿੱਚ ਪਹੁੰਚ ਗਏ ਸਨ। ਉਨ੍ਹਾਂ ਕਿਹਾ, "ਉਨ੍ਹਾਂ ਨਾਲ ਲੰਮੀ ਗੱਲਬਾਤ ਕੀਤੀ ਗਈ ਅਤੇ ਉਸ ਤੋਂ ਬਾਅਦ ਉਹ ਵਾਪਸ ਚਲੇ ਗਏ। ਉਨ੍ਹਾਂ ਨੇ ਉਮੀਦ ਜਤਾਈ ਕਿ ਇਹ ਦੋਸਤਾਨਾ ਮਾਹੌਲ ਅੱਗੇ ਵੀ ਜਾਰੀ ਰਹੇਗਾ। ਪੁਲਸ ਸੂਤਰਾਂ ਮੁਤਾਬਕ ਕੁੱਲਹਾਲ ਸਰਹੱਦ 'ਤੇ ਪੁਲਸ ਅਜੇ ਵੀ ਹਾਈ ਅਲਰਟ 'ਤੇ ਹੈ ਅਤੇ ਇਲਾਕੇ 'ਤੇ ਸਖ਼ਤ ਨਿਗਰਾਨੀ ਰੱਖੀ ਜਾ ਰਹੀ ਹੈ। ਵੀਰਵਾਰ ਨੂੰ ਪੰਜਾਬ ਤੋਂ ਆਏ ਨਿਹੰਗ ਸਿੱਖਾਂ ਦੇ ਇੱਕ ਵੱਡੇ ਸਮੂਹ ਨੇ ਵਿਕਾਸਨਗਰ-ਕੁਲ੍ਹਾ ਸਰਹੱਦ ਰਾਹੀਂ ਉੱਤਰਾਖੰਡ ਵਿੱਚ ਜ਼ਬਰਦਸਤੀ ਦਾਖਲ ਹੋਣ ਦੀ ਕੋਸ਼ਿਸ਼ ਕੀਤੀ, ਜਿਨ੍ਹਾਂ ਵਿੱਚੋਂ ਕੁਝ ਤਾਂ ਅੰਦਰ ਵੀ ਵੜ ਗਏ। ਪੁਲਸ ਨੇ ਉਨ੍ਹਾਂ ਨੂੰ ਰੋਕਣ ਲਈ ਸਰਹੱਦ 'ਤੇ ਬੈਰੀਕੇਡ ਲਗਾਏ ਸਨ ਪਰ ਹਥਿਆਰਬੰਦ ਨਿਹੰਗਾਂ ਨੇ ਬੈਰੀਕੇਡਾਂ 'ਤੇ ਚੜ੍ਹ ਕੇ ਉਨ੍ਹਾਂ ਨੂੰ ਹਟਾ ਦਿੱਤਾ। ਨਿਹੰਗਾਂ ਨੇ ਕਥਿਤ ਤੌਰ 'ਤੇ ਘਟਨਾ ਸਥਾਨ 'ਤੇ ਖੜ੍ਹੇ ਕੁਝ ਵਾਹਨਾਂ ਦੀਆਂ ਭੰਨਤੋੜ ਵੀ ਕੀਤੀ ਅਤੇ ਖਿੜਕੀਆਂ

### ਵੀਡੀਓ ਫੁਟੇਜ ਵਿੱਚ ਨਿਹੰਗਾਂ ਨੂੰ ਤਲਵਾਰਾਂ ਲਹਿਰਾਉਂਦੇ ਦੇਖਿਆ ਗਿਆ



ਇੱਕ ਵੀਡੀਓ ਫੁਟੇਜ ਵਿੱਚ ਨਿਹੰਗਾਂ ਨੂੰ ਤਲਵਾਰਾਂ ਲਹਿਰਾਉਂਦੇ ਦੇਖਿਆ ਗਿਆ, ਜਿਸ ਕਾਰਨ ਕਾਫ਼ੀ ਦੇਰ ਤੱਕ ਹਫੜਾ-ਦਫੜੀ ਮਚੀ ਰਹੀ। ਇਸ ਦੌਰਾਨ ਕੁਝ ਨਿਹੰਗ ਉਤਰਾਖੰਡ ਵਿੱਚ ਦਾਖਲ ਹੋਏ ਅਤੇ ਮੌਕੇ 'ਤੇ ਤਾਇਨਾਤ ਪੁਲਸ ਬੇਵੱਸ ਦਿਖਾਈ ਦਿੱਤੀ। ਪੁਲਸ ਨੇ ਨਿਹੰਗਾਂ ਨੂੰ ਰੋਕਣ ਲਈ ਸ਼ਹਿਰ ਦੇ ਵੱਖ-ਵੱਖ ਚੌਰਾਹਿਆਂ 'ਤੇ ਨਾਕਾਬੰਦੀ ਜਾਰੀ ਰੱਖੀ। ਹਾਲਾਂਕਿ, ਨਿਹੰਗ ਵੱਖ-ਵੱਖ ਸੰਪਰਕ ਸੜਕਾਂ ਰਾਹੀਂ ਸ਼ਹਿਰ ਵਿੱਚ ਦਾਖਲ ਹੋਏ ਅਤੇ ਰੇਸਕੋਰਸ ਤੱਕ ਪਹੁੰਚ ਗਏ। ਨਿਹੰਗ ਚਮੋਲੀ ਵਿੱਚ ਕਰਨਪ੍ਰਯਾਗ ਘਟਨਾ ਵਿੱਚ ਗ੍ਰਿਫ਼ਤਾਰ ਕੀਤੇ ਗਏ ਆਪਣੇ ਸਾਥੀਆਂ ਦੀ ਰਿਹਾਈ ਦੀ ਮੰਗ ਕਰ ਰਹੇ ਸਨ। 16 ਜੂਨ ਨੂੰ ਕਰਨਪ੍ਰਯਾਗ ਵਿੱਚ ਸਥਾਨਕ ਨਿਵਾਸੀਆਂ ਅਤੇ ਨਿਹੰਗ ਸਿੱਖਾਂ ਵਿਚਕਾਰ ਹੋਏ ਮਾਮੂਲੀ ਝਗੜੇ ਦੌਰਾਨ ਕਥਿਤ ਤੌਰ 'ਤੇ ਤਲਵਾਰ ਨਾਲ ਕੀਤੇ ਹਮਲੇ ਵਿੱਚ ਕਈ ਲੋਕ ਜ਼ਖਮੀ ਹੋ ਗਏ ਸਨ। ਇਸ ਘਟਨਾ ਵਿੱਚ ਇੱਕ ਨਿਹੰਗ ਸਿੱਖ ਵੀ ਜ਼ਖਮੀ ਹੋ ਗਿਆ। ਪੁਲਸ ਨੇ ਮਾਮਲਾ ਦਰਜ ਕਰਕੇ ਚਾਰ ਨਿਹੰਗ ਸਿੱਖਾਂ ਨੂੰ ਗ੍ਰਿਫ਼ਤਾਰ ਕਰ ਲਿਆ। ਇਸ ਘਟਨਾ ਤੋਂ ਬਾਅਦ 20 ਜੂਨ ਨੂੰ, ਲਗਭਗ ਅੱਧਾ ਦਰਜਨ ਨਿਹੰਗ ਰੁਦਰਪ੍ਰਯਾਗ ਜ਼ਿਲ੍ਹੇ ਦੇ ਨਗਰਾਸੂ ਗੁਰਦੁਆਰੇ ਦੀ ਛੱਤ 'ਤੇ ਚੜ੍ਹ ਗਏ ਸਨ। ਇਸ ਦੌਰਾਨ ਛੱਤ ਵੱਲ ਜਾਣ ਵਾਲਾ ਪ੍ਰਵੇਸ਼ ਦੁਆਰ ਵੀ ਬੰਦ ਕਰ ਦਿੱਤਾ ਗਿਆ। ਪ੍ਰਸ਼ਾਸਨ ਨੂੰ ਉਨ੍ਹਾਂ ਨੂੰ ਹੇਠਾਂ ਲਿਆਉਣ ਲਈ ਬਹੁਤ ਜੱਦੋ-ਜਹਿਦ ਕਰਨੀ ਪਈ। ਪੰਜਾਬ ਅਤੇ ਪਾਉਂਟਾ ਸਾਹਿਬ ਦੇ ਸਿੱਖ ਵਫ਼ਦ ਨਾਲ ਗੱਲਬਾਤ ਤੋਂ ਬਾਅਦ ਉਨ੍ਹਾਂ ਨੂੰ 23 ਜੂਨ ਦੀ ਸ਼ਾਮ ਨੂੰ ਹੇਠਾਂ ਲਿਆਂਦਾ ਗਿਆ।

## ਮੁਅੱਤਲ ਡੀਆਈਜੀ ਭੁੱਲਰ ਨੂੰ ਹਾਈਕੋਰਟ ਤੋਂ ਨਹੀਂ ਮਿਲੀ ਰਾਹਤ, ਜ਼ਮਾਨਤ ਪਟੀਸ਼ਨ 'ਤੇ ਸੁਣਵਾਈ ਟਲੀ



ਚੰਡੀਗੜ੍ਹ, 26 ਜੂਨ (ਆਵਾਜ਼ਿ ਕੌਮ ਬਿਊਰੋ)- ਭ੍ਰਿਸ਼ਟਾਚਾਰ ਮਾਮਲੇ ਵਿੱਚ ਗ੍ਰਿਫ਼ਤਾਰ ਪੰਜਾਬ ਪੁਲਿਸ ਦੇ ਮੁਅੱਤਲ ਡੀਆਈਜੀ ਹਰਚਰਨ ਸਿੰਘ ਭੁੱਲਰ ਨੂੰ ਫਿਲਹਾਲ ਪੰਜਾਬ ਅਤੇ ਹਰਿਆਣਾ ਹਾਈਕੋਰਟ ਤੋਂ ਕੋਈ ਰਾਹਤ ਨਹੀਂ ਮਿਲੀ। ਸ਼ੁੱਕਰਵਾਰ ਨੂੰ ਉਨ੍ਹਾਂ ਦੀ ਨਿਯਮਿਤ ਜ਼ਮਾਨਤ ਪਟੀਸ਼ਨ 'ਤੇ ਸੁਣਵਾਈ ਹੋਈ, ਪਰ ਹਾਈਕੋਰਟ ਨੇ ਕੋਈ ਅੰਤਰਿਮ ਰਾਹਤ ਦਿੱਤੇ ਬਿਨਾਂ ਮਾਮਲੇ ਦੀ ਅਗਲੀ ਸੁਣਵਾਈ 7 ਜੁਲਾਈ ਤੱਕ ਮੁਲਤਵੀ ਕਰ ਦਿੱਤੀ। ਇਸ ਤੋਂ ਪਹਿਲਾਂ ਵੀ ਉਨ੍ਹਾਂ ਦੀ ਜ਼ਮਾਨਤ ਪਟੀਸ਼ਨ ਹਾਈਕੋਰਟ ਵੱਲੋਂ ਖਾਰਜ ਕੀਤੀ ਜਾ ਚੁੱਕੀ ਸੀ। ਇਸ ਤੋਂ ਬਾਅਦ ਉਨ੍ਹਾਂ ਨੇ ਸੁਪਰੀਮ ਕੋਰਟ ਦਾ ਰੁਖ ਕੀਤਾ ਸੀ ਪਰ 10 ਅਪ੍ਰੈਲ ਨੂੰ ਸੁਪਰੀਮ ਕੋਰਟ ਨੇ ਵੀ ਉਨ੍ਹਾਂ ਦੀ ਪਟੀਸ਼ਨ ਰੱਦ ਕਰ ਦਿੱਤੀ ਸੀ। ਹਾਲਾਂਕਿ, ਸੁਪਰੀਮ ਕੋਰਟ ਨੇ ਆਪਣੇ ਹੁਕਮ ਵਿੱਚ ਇਹ ਛੋਟ ਦਿੱਤੀ ਸੀ ਕਿ ਜੇਕਰ ਦੋ ਮਹੀਨਿਆਂ ਦੇ ਅੰਦਰ ਮਾਮਲੇ ਦੀ ਸੁਣਵਾਈ (ਟਰਾਇਲ) ਸ਼ੁਰੂ ਨਹੀਂ ਹੁੰਦੀ ਤਾਂ ਉਹ ਮੁੜ ਜ਼ਮਾਨਤ ਲਈ ਅਦਾਲਤ ਦਾ ਦਰਵਾਜ਼ਾ ਖੜਕਾ ਸਕਦੇ ਹਨ। ਇਸੇ ਆਧਾਰ 'ਤੇ ਭੁੱਲਰ ਨੇ ਇੱਕ ਵਾਰ ਫਿਰ ਹਾਈਕੋਰਟ ਵਿੱਚ ਨਿਯਮਿਤ ਜ਼ਮਾਨਤ ਪਟੀਸ਼ਨ ਦਾਇਰ ਕੀਤੀ ਹੈ। ਆਪਣੀ ਪਟੀਸ਼ਨ ਵਿੱਚ ਭੁੱਲਰ ਨੇ ਕਿਹਾ ਕਿ ਮਾਮਲੇ ਦੀ ਜਾਂਚ ਪੂਰੀ ਹੋ ਚੁੱਕੀ ਹੈ ਅਤੇ ਪੁਲਿਸ ਅਦਾਲਤ ਵਿੱਚ ਚਲਾਨ ਵੀ ਪੇਸ਼ ਕਰ ਚੁੱਕੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਇਸ ਕੇਸ ਦੇ ਜ਼ਿਆਦਾਤਰ ਗਵਾਹ ਸਰਕਾਰੀ ਅਧਿਕਾਰੀ ਹਨ ਅਤੇ ਉਹ ਖ਼ੁਦ ਵੀ ਮੁਅੱਤਲ ਹਨ।

## ਈਡੀ ਦੀ ਵੱਡੀ ਕਾਰਵਾਈ! ਪੰਜਾਬ ਸਰਕਾਰ ਦੇ ਮੰਤਰੀ ਦੀ 55.57 ਕਰੋੜ ਦੀਆਂ ਜਾਇਦਾਦਾਂ ਕੁਰਕ



ਚੰਡੀਗੜ੍ਹ, 26 ਜੂਨ (ਆਵਾਜ਼ਿ ਕੌਮ ਬਿਊਰੋ)- ਇਨਫੋਰਸਮੈਂਟ ਡਾਇਰੈਕਟੋਰੇਟ ਨੇ ਮਨੀ ਲਾਂਡਰਿੰਗ ਮਾਮਲੇ 'ਚ ਵੱਡੀ ਕਾਰਵਾਈ ਕੀਤੀ ਹੈ। ਈਡੀ ਨੇ ਪੰਜਾਬ ਦੇ ਮੰਤਰੀ ਸੰਜੀਵ ਅਰੋੜਾ ਦੀ ਕੰਪਨੀ, ਮੈਸਰਸ ਹੈਂਪਟਨ ਸਕਾਈ ਰਿਐਲਟੀ ਲਿਮਟਿਡ (ਪਹਿਲਾਂ ਮੈਸਰਜ਼ ਰਿਤੇਸ਼ ਪ੍ਰਾਪਰਟੀਜ਼ ਐਂਡ ਇੰਡਸਟਰੀਜ਼ ਲਿਮਟਿਡ ਵਜੋਂ ਜਾਣੀ ਜਾਂਦੀ ਸੀ) ਅਤੇ ਇਸਦੇ ਸਹਿਯੋਗੀਆਂ 'ਤੇ ਆਪਣੀ ਪਕੜ ਮਜ਼ਬੂਤ ਕਰਦੇ ਹੋਏ 55.57 ਕਰੋੜ ਰੁਪਏ ਦੀ ਚੱਲ ਅਤੇ ਅਚੱਲ ਜਾਇਦਾਦ ਜ਼ਬਤ ਕਰ ਲਈ ਹੈ। ਇਹ ਪੂਰੀ ਕਾਰਵਾਈ ਮੋਬਾਈਲ ਫੋਨਾਂ ਦੇ ਧੋਖਾਧੜੀ ਵਾਲੇ ਨਿਰਯਾਤ ਅਤੇ ਮਨੀ ਲਾਂਡਰਿੰਗ ਨਾਲ ਜੁੜੇ ਕਰੋੜਾਂ ਰੁਪਏ ਦੇ ਘੁਟਾਲੇ ਤੋਂ ਪੈਦਾ ਹੋਈ ਹੈ। ਜਾਂਚ ਤੋਂ ਪਤਾ ਲੱਗਿਆ ਹੈ ਕਿ ਦੁਬਈ ਦੀਆਂ ਜਿਨ੍ਹਾਂ ਕੰਪਨੀਆਂ ਨੂੰ ਦੋਸ਼ੀ ਨੇ ਕਥਿਤ ਤੌਰ 'ਤੇ ਮੋਬਾਈਲ ਫੋਨਾਂ ਦਾ ਬਿੱਲ ਭੇਜਿਆ ਸੀ, ਉਹ ਅਸਲ ਵਿੱਚ ਉਸ ਦੀਆਂ ਆਪਣੀਆਂ ਸਨ।

## ਵੈਨੇਜ਼ੁਏਲਾ 'ਚ ਭੂਚਾਲ ਤੋਂ ਬਾਅਦ ਤਬਾਹੀ ਕਾਰਨ ਹੁਣ ਤੱਕ 235 ਮੌਤਾਂ, 4300 ਤੋਂ ਵੱਧ ਜ਼ਖ਼ਮੀ; ਰਾਹਤ ਕਾਰਜ ਜਾਰੀ



ਵੈਨੇਜ਼ੁਏਲਾ, 26 ਜੂਨ (ਆਵਾਜ਼ਿ ਕੌਮ ਬਿਊਰੋ)- ਵੈਨੇਜ਼ੁਏਲਾ ਵਿੱਚ ਬੁੱਧਵਾਰ ਸ਼ਾਮ ਨੂੰ ਆਏ ਦੋ ਸ਼ਕਤੀਸ਼ਾਲੀ ਭੂਚਾਲਾਂ ਨੇ ਭਾਰੀ ਤਬਾਹੀ ਮਚਾ ਦਿੱਤੀ ਹੈ। 7.2 ਅਤੇ 7.5 ਤੀਬਰਤਾ ਦੇ ਇਨ੍ਹਾਂ ਭੂਚਾਲਾਂ ਕਾਰਨ ਹੁਣ ਤੱਕ ਲਗਪਗ 235 ਲੋਕਾਂ ਦੀ ਮੌਤ ਹੋਣ ਦੀ ਪੁਸ਼ਟੀ ਹੋਈ ਹੈ, ਜਦਕਿ 4300 ਤੋਂ ਵੱਧ ਲੋਕ ਜ਼ਖ਼ਮੀ ਹੋਏ ਹਨ। ਸਿਹਤ ਮੰਤਰੀ ਕਾਰਲੋਸ ਅਲਵਾਰਾਡੋ ਨੇ ਦੱਸਿਆ ਕਿ ਮ੍ਰਿਤਕਾਂ ਦੀ ਗਿਣਤੀ ਵਧਣ ਦਾ ਖਦਸ਼ਾ ਹੈ ਕਿਉਂਕਿ ਹਾਲੇ ਵੀ ਹਜ਼ਾਰਾਂ ਲੋਕ ਲਾਪਤਾ ਹਨ। ਪਿਛਲੇ ਇੱਕ ਸਦੀ ਵਿੱਚ ਦੇਸ਼ ਵਿੱਚ ਆਏ ਇਹ ਸਭ ਤੋਂ ਤਾਕਤਵਰ ਭੂਚਾਲ ਮੰਨੇ ਜਾ ਰਹੇ ਹਨ। ਤਬਾਹੀ ਦਾ ਸਭ ਤੋਂ ਵੱਧ ਅਸਰ ਰਾਜਧਾਨੀ ਕਾਰਾਕਸ ਦੇ ਉੱਤਰ ਵਿੱਚ ਸਥਿਤ ਤੱਟਵਰਤੀ ਖੇਤਰ 'ਲਾ ਗੁਆਇਰਾ' ਵਿੱਚ ਦੇਖਣ ਨੂੰ ਮਿਲਿਆ ਹੈ। ਇੱਥੇ ਮੁੱਖ ਹਵਾਈ ਅੱਡਾ ਵੀ ਨੁਕਸਾਨਿਆ ਗਿਆ ਹੈ, ਜਿਸ ਕਾਰਨ ਰਾਹਤ ਸਮੱਗਰੀ ਪਹੁੰਚਾਉਣ ਵਿੱਚ ਮੁਸ਼ਕਲਾਂ ਆ ਰਹੀਆਂ ਹਨ। ਸਥਾਨਕ ਲੋਕਾਂ ਦਾ ਦੋਸ਼ ਹੈ ਕਿ ਸਰਕਾਰੀ ਮਸ਼ੀਨਰੀ ਦੀ ਘਾਟ ਕਾਰਨ ਆਮ ਲੋਕ ਆਪਣੇ ਪੱਧਰ 'ਤੇ ਹੀ ਮਲਬੇ ਵਿੱਚੋਂ ਲੋਕਾਂ ਨੂੰ ਕੱਢਣ ਦੀ ਕੋਸ਼ਿਸ਼ ਕਰ ਰਹੇ ਹਨ। ਕਈ ਪਰਿਵਾਰਾਂ ਨੇ ਆਪਣੇ ਅਜ਼ੀਜ਼ਾਂ ਦੀ ਭਾਲ ਲਈ ਸੋਸ਼ਲ ਮੀਡੀਆ ਅਤੇ ਹੱਥ-ਲਿਖਤ ਸੂਚੀਆਂ ਦਾ ਸਹਾਰਾ ਲਿਆ ਹੈ। ਰਾਸ਼ਟਰਪਤੀ ਡੇਲਸੀ ਰੌਡਰਿਗਜ਼ ਨੇ ਦੇਸ਼ ਵਿੱਚ ਐਮਰਜੈਂਸੀ ਦਾ ਐਲਾਨ ਕਰ ਦਿੱਤਾ ਹੈ ਅਤੇ 200 ਮਿਲੀਅਨ ਡਾਲਰ ਦਾ ਮੁੜ-ਨਿਰਮਾਣ ਫੰਡ ਬਣਾਉਣ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਜਲਦ ਤੋਂ ਜਲਦ ਵੱਧ ਤੋਂ ਵੱਧ ਲੋਕਾਂ ਨੂੰ ਬਚਾਉਣ ਲਈ ਵਚਨਬੱਧ ਹੈ। ਇਸ ਸੰਕਟ ਦੀ ਘੜੀ ਵਿੱਚ ਅਮਰੀਕਾ, ਮੈਕਸੀਕੋ, ਬ੍ਰਾਜ਼ੀਲ, ਕਤਰ, ਸਪੇਨ, ਪੁਰਤਗਾਲ ਅਤੇ ਕੈਨੇਡਾ ਸਮੇਤ ਕਈ ਦੇਸ਼ਾਂ ਨੇ ਮਦਦ ਦੀ ਪੇਸ਼ਕਸ਼ ਕੀਤੀ ਹੈ। ਅਮਰੀਕਾ ਨੇ ਰਾਹਤ ਕਾਰਜਾਂ ਲਈ ਕੁਝ ਪਾਬੰਦੀਆਂ ਵਿੱਚ 23 ਅਕਤੂਬਰ ਤੱਕ ਢਿੱਲ ਦੇਣ ਦਾ ਫੈਸਲਾ ਕੀਤਾ ਹੈ।

## ਕੇਂਦਰ ਸਰਕਾਰ 'ਚ ਮੰਤਰੀ ਬਣ ਸਕਦੇ ਰਾਘਵ ਚੱਢਾ

## ਆਪ ਦੇ 6 ਸਾਂਸਦਾਂ ਨੂੰ ਭਾਜਪਾ 'ਚ ਲਿਆਂਦਾ ਸੀ; ਐਲਪੀਯੂ ਦੇ ਚਾਂਸਲਰ ਤੇ ਚੁੱਘ ਵੀ ਦੌੜ 'ਚ







ਨਵੀਂ ਦਿੱਲੀ, 26 ਜੂਨ (ਆਵਾਜ਼ਿ ਕੌਮ ਬਿਊਰੋ)- ਆਮ ਆਦਮੀ ਪਾਰਟੀ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਏ ਰਾਜ ਸਭਾ ਮੈਂਬਰ ਰਾਘਵ ਚੱਢਾ ਕੇਂਦਰ ਵਿੱਚ ਮੰਤਰੀ ਬਣ ਸਕਦੇ ਹਨ। ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਚਾਂਸਲਰ ਅਸ਼ੋਕ ਮਿੱਤਲ ਵੀ ਇੱਕ ਦਾਅਵੇਦਾਰ ਹਨ। ਇਸ ਵੇਲੇ ਰਵਨੀਤ ਬਿੱਟੂ ਪੰਜਾਬ ਤੋਂ ਕੇਂਦਰੀ ਰਾਜ ਮੰਤਰੀ ਹਨ। ਹਾਲਾਂਕਿ, ਉਨ੍ਹਾਂ ਦਾ ਰਾਜ ਸਭਾ ਦਾ ਕਾਰਜਕਾਲ 21 ਜੂਨ ਨੂੰ ਖਤਮ ਹੋ ਗਿਆ ਸੀ। ਅਜਿਹੇ ਵਿੱਚ ਜੇਕਰ ਉਹ ਸੰਸਦ ਮੈਂਬਰ ਨਹੀਂ ਹੁੰਦੇ ਹਨ, ਤਾਂ ਉਨ੍ਹਾਂ ਨੂੰ ਛੇ ਮਹੀਨਿਆਂ ਬਾਅਦ ਭਾਵ ਕਿ 21 ਦਸੰਬਰ ਤੱਕ ਆਪਣਾ ਅਹੁਦਾ ਛੱਡਣਾ ਪਵੇਗਾ। ਇਸ ਕਰਕੇ ਪੰਜਾਬ ਤੋਂ ਕਿਸੇ ਇੱਕ ਚਿਹਰੇ ਨੂੰ ਕੇਂਦਰ ਵਿੱਚ ਸ਼ਾਮਲ ਕਰਨਾ ਤੈਅ ਮੰਨਿਆ ਜਾ ਰਿਹਾ ਹੈ। ਹਾਲਾਂਕਿ, ਅੰਮ੍ਰਿਤਸਰ ਦੇ ਵਸਨੀਕ ਅਤੇ ਹਾਲ ਹੀ ਵਿੱਚ ਬਿੱਟੂ ਦੀ ਜਗ੍ਹਾ ਰਾਜ ਸਭਾ ਲਈ ਚੁਣੇ ਗਏ ਤਰੁਣ ਚੁੱਘ ਵੀ ਇਸ ਦੌੜ ਵਿੱਚ ਹਨ। ਸਰਕਾਰੀ ਸੂਤਰਾਂ ਅਨੁਸਾਰ ਐਤਵਾਰ ਜਾਂ ਸੋਮਵਾਰ ਨੂੰ ਕੇਂਦਰੀ ਮੰਤਰੀ ਮੰਡਲ ਵਿੱਚ ਫੇਰਬਦਲ ਦੀ ਉਮੀਦ ਹੈ। ਉੱਥੇ ਹੀ ਚਰਚਾਵਾਂ ਚੱਲ ਰਹੀਆਂ ਹਨ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀਰਵਾਰ ਨੂੰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ ਅਤੇ ਇਸ ਮਾਮਲੇ ਸੰਬੰਧੀ ਸੁਝਾਅ ਦਿੱਤੇ। ਹਾਲਾਂਕਿ, ਨਵੇਂ ਕੈਬਨਿਟ ਅਹੁਦਿਆਂ ਬਾਰੇ ਕੋਈ ਰਸਮੀ ਪੁਸ਼ਟੀ ਜਾਂ ਜਾਣਕਾਰੀ ਸਾਹਮਣੇ ਨਹੀਂ ਆਈ ਹੈ। ਰਾਘਵ ਚੱਢਾ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਪ੍ਰਮੁੱਖ ਚਿਹਰਿਆਂ ਵਿੱਚੋਂ ਇੱਕ ਸਨ। ਉਨ੍ਹਾਂ ਨੇ ਪਾਰਟੀ ਦੀ ਜਿੱਤ ਨੂੰ ਯਕੀਨੀ ਬਣਾਉਣ ਲਈ ਜ਼ਮੀਨੀ ਪੱਧਰ 'ਤੇ ਵੀ ਕੰਮ ਕੀਤਾ। ਚੋਣਾਂ ਤੋਂ ਬਾਅਦ ਪਾਰਟੀ ਨੇ 117 ਵਿੱਚੋਂ 92 ਸੀਟਾਂ ਜਿੱਤੀਆਂ। ਸਰਕਾਰ ਬਣੀ ਅਤੇ ਭਗਵੰਤ ਮਾਨ ਮੁੱਖ ਮੰਤਰੀ ਬਣੇ। ਪਹਿਲੇ ਦੋ ਸਾਲਾਂ ਲਈ ਰਾਘਵ ਚੱਢਾ ਨੂੰ ਪੰਜਾਬ ਵਿੱਚ "ਸੁਪਰ ਸੀਐਮ" ਦੀ ਤਰ੍ਹਾਂ ਮੰਨਿਆ ਗਿਆ। ਹਾਲਾਂਕਿ, ਇਸ ਤੋਂ ਬਾਅਦ ਪਾਰਟੀ ਨਾਲ ਉਨ੍ਹਾਂ ਦੇ ਰਿਸ਼ਤੇ ਵਿਗੜਨ ਲੱਗ ਪਏ।

# ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net




ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net

## ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

## ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137

ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਬੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731
+1 209 624 6549
+1 209 624 91




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੱਕ ਨਜ਼ਰ ...



## ਕੌਂਸਲਰ ਅਮਰਵੀਰ ਸਿੰਘ ਆਜ਼ਾਦ ਨੇ ਲੋੜਵੰਦ ਲੋਕਾਂ ਨੂੰ ਅਨਾਜ ਅਤੇ ਰਾਸ਼ਨ ਦੀਆਂ ਕਿੱਟਾਂ ਵੰਡੀਆਂ

ਚੌਂਕ ਮਹਿਤਾ, 26 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋ ਲੋੜਵੰਦ ਲੋਕਾ ਨੂੰ ਫਰੀ ਰਸੋਈ ਦਾ ਸਮਾਨ ਅਤੇ ਅਨਾਜ ਵੰਡਣ ਦੀ ਚਲਾਈ ਗਈ ਮੁਹਿੰਮ ਦੇ ਤਹਿਤ ਅੱਜ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਨ ਦਲਬੀਰ ਸਿੰਘ ਟੌਂਗ ਅਤੇ ਸੰਜੀਵ ਭੰਡਾਰੀ ਪ੍ਰਧਾਨ ਨਗਰ ਪੰਚਾਇਤ ਰਈਆ ਦੇ ਦਿਸ਼ਾ-ਨਿਰਦੇਸ਼ਾ ਹੇਠ ਵਾਰਡ ਨੰਬਰ 3 ਤੋਂ ਨੌਜਵਾਨ ਕੌਂਸਲਰ ਅਮਰਵੀਰ ਸਿੰਘ ਆਜ਼ਾਦ ਨੇ ਡੀਪੂ ਹੋਲਡਰ ਇਕਬਾਲ ਸਿੰਘ ਦੇ ਅਨਾਜ ਡੀਪੂ ਤੇ ਲਾਭਪਾਤਰੀਆਂ ਨੂੰ ਕਣਕ ਅਤੇ ਅਨਾਜ ਦੀਆ ਕਿੱਟਾ ਵੰਡੀਆ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆ ਕੌਂਸਲਰ ਅਮਰਵੀਰ ਸਿੰਘ ਆਜ਼ਾਦ ਨੇ ਕਿਹਾ ਕਿ ਜਦੋਂ ਦੀ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਦੋਂ ਤੋਂ ਹੀ ਲੋੜਵੰਦ ਲੋਕਾਂ ਨੂੰ ਸਮਾਨ ਮਿਲਦਾ ਜਾ ਰਿਹਾ ਹੈ ਉਹਨਾਂ ਕਿਹਾ ਕਿ ਜੋ ਵੀ ਵਾਅਦਾ ਭਗਵੰਤ ਮਾਨ ਦੀ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਕੀਤਾ ਸੀ ਉਹ ਸਾਰੇ ਵਾਅਦੇ ਪੂਰੇ ਕਰ ਦਿੱਤੇ ਗਏ ਹਨ ਤੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਬਹੁਤ ਖੁਸ਼ ਹਨ ਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਦੁਬਾਰਾ ਤੋਂ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਨਾਲ ਬਣੇਗੀ। ਇਸ ਮੌਕੇ ਸੂਬੇਦਾਰ ਤਰਸੇਮ ਸਿੰਘ, ਨੰਬਰਦਾਰ ਭੁਪਿੰਦਰ ਸਿੰਘ, ਸੰਦੀਪ ਸਿੰਘ, ਐਡਵੋਕੇਟ ਲੱਖਾ ਸਿੰਘ ਆਜ਼ਾਦ, ਐਡਵੋਕੇਟ ਅਜੇਵੀਰ ਸਿੰਘ ਅਜਾਦ, ਕੁਲਦੀਪ ਸਿੰਘ, ਰਜਿੰਦਰ ਸਿੰਘ, ਭੁਪਿੰਦਰ ਸਿੰਘ ਮਾਨ, ਦਿਲਬਾਗ ਸਿੰਘ, ਜਗਰੂਪ ਸਿੰਘ ਡੈਨੀ, ਜਸਪਾਲ ਸਿੰਘ ਆਦਿ ਹਾਜਰ ਸਨ ਹਾਜਰ ਸਨ ।

## ਖੇਤ ਬਚਾਓ ਮੁਹਿੰਮ ਤਹਿਤ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਪਿੰਡ ਲਹਿਰੀ ਵਿਖੇ ਕਿਸਾਨ ਜਾਗਰੂਕਤਾ ਕੈਂਪ ਆਯੋਜਿਤ

### ਪਲਾਸਟਿਕ ਮੁਕਤ ਵਾਤਾਵਰਣ ਮਨੁੱਖੀ ਸੱਭਿਅਤਾ ਲਈ ਜ਼ਰੂਰੀ- ਡਾ. ਬਲਰਾਜ ਸਿੰਘ



ਤਲਵੰਡੀ ਸਾਬੋ, 26 ਜੂਨ (ਗੁਰਜੰਟ ਸਿੰਘ ਨਥੇਹਾ)- ਭਾਰਤ ਸਰਕਾਰ ਦੇ ਖੇਤੀ ਮੰਤਰਾਲਾ ਅਤੇ ਭਾਰਤੀ ਖੇਤੀ ਖੋਜ ਪ੍ਰੀਸ਼ਦ ਵੱਲੋਂ ਰਾਸ਼ਟਰੀ ਪੱਧਰ ਤੇ ਚਲਾਈ ਜਾ ਰਹੀ ਖੇਤ ਬਚਾਓ ਮੁਹਿੰਮ ਤਹਿਤ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫਕੈਲਟੀ ਆੱਫ਼ ਐਗਰੀਕਲਚਰ ਤੇ ਨਿਰਦੇਸ਼ਕ ਪਸਾਰ ਵੱਲੋਂ ਪਿੰਡ ਲਹਿਰੀ ਦੇ ਗੁਰਦੁਆਰਾ ਸਾਹਿਬ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਜਿਸ ਵਿਚ ਵਾਈਸ ਚਾਂਸਲਰ ਪ੍ਰੋ. (ਡਾ.) ਬਲਰਾਜ ਸਿੰਘ ਨੇ ਮੁੱਖ ਮਹਿਮਾਨ ਅਤੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ, ਜਦਕਿ ਨਿਰਦੇਸ਼ਕ ਪਸਾਰ ਡਾ. ਜਗਦੀਸ਼ ਗੋਰਵਰ ਨੇ ਖੇਤੀ ਸੰਬੰਧੀ ਮਸ਼ੀਨਰੀ ਦੀ ਸਾਂਭ ਸੰਭਾਲ ਬਾਰੇ ਮਾਹਿਰ ਵਜੋਂ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸਰਪੰਚ ਹਰਮੰਦਰ ਸਿੰਘ, ਪ੍ਰਧਾਨ ਗੁਰਦੁਆਰਾ ਸਾਹਿਬ ਨਛੱਤਰ ਸਿੰਘ, ਮੈਂਬਰ ਸ਼ੇਰੇ ਪੰਜਾਬ ਕਲੱਬ ਜਗਸੀਰ ਸਿੰਘ ਤੋਂ ਇਲਾਵਾ ਪਿੰਡ ਦੀ ਪੰਚਾਇਤ ਦੇ ਮੈਂਬਰਾਂ ਤੇ ਕਿਸਾਨਾਂ ਨੇ ਹਿੱਸਾ ਲਿਆ। ਇਸ ਮੌਕੇ ਮੁੱਖ ਬੁਲਾਰੇ ਵਾਇਸ ਚਾਂਸਲਰ ਡਾ. ਸਿੰਘ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਸਮੇਂ ਭਾਰਤ ਦੀ ਅਬਾਦੀ ਲਗਭਗ 34 ਕਰੋੜ ਸੀ ਜੋ ਕਿ ਹੁਣ ਵੱਧ ਕੇ 148 ਕਰੋੜ ਹੋ ਚੁੱਕੀ ਹੈ। ਆਜ਼ਾਦੀ ਸਮੇਂ ਭਾਰਤ ਕਣਕ ਬਾਹਰਲੇ ਮੁਲਕਾਂ ਤੋਂ ਮੰਗਵਾਇਆ ਕਰਦਾ ਸੀ। ਪਰ ਹੁਣ ਐਨੀ ਵੱਡੀ ਜਨਸੰਖਿਆਂ ਹੋਣ ਦੇ ਬਾਵਜੂਦ ਵੀ ਅਸੀਂ ਦੂਜੇ ਮੁਲਕਾਂ ਨੂੰ ਕਣਕ ਨਿਰਯਾਤ ਕਰ ਰਹੇ ਹਾਂ। ਉਹਨਾਂ ਕਿਹਾ ਕਿ ਹੁਣ ਕਿਸਾਨਾਂ ਨੂੰ ਬਦਲਵੇਂ ਫ਼ਸਲੀ ਚੱਕਰ ਤਹਿਤ ਬਾਗਵਾਨੀ, ਸਬਜੀਆਂ, ਫ਼ਲਾਂ ਤੇ ਫੁੱਲਾਂ ਦੀ ਕਾਸ਼ਤ ਕਰਨੀ ਚਾਹੀਦੀ ਹੈ। ਇਸ ਨਾਲ ਸਥਾਨਕ ਲੋਕਾਂ ਨੂੰ ਰੁਜ਼ਗਾਰ ਮਿਲਦਾ ਹੈ, ਪੈਸੇ ਅਤੇ ਪਾਣੀ ਦੀ ਬੱਚਤ ਵੀ ਹੁੰਦੀ ਹੈ। ਉਹਨਾਂ ਕਿਹਾ ਕਿ ਭਾਰਤ ਦੇ ਕਿਸਾਨ ਤੇਲ ਬੀਜਾਂ ਅਤੇ ਦਾਲਾਂ ਦੀ ਖੇਤੀ ਕਰਕੇ ਆਤਮ ਨਿਰਭਰ ਹੋਣ ਦੇ ਨਾਲ-ਨਾਲ ਵਿਦੇਸ਼ੀ ਮੁਦਰਾ ਦੀ ਬੱਚਤ ਵੀ ਕਰ ਸਕਦੇ ਹਨ ਉਹਨਾਂ ਸਾਰਿਆਂ ਨੂੰ ਪਲਾਸਟਿਕ ਮੁਕਤ ਆਲਾ-ਦੁਆਲਾ ਬਣਾਉਣ ਲਈ ਪ੍ਰੇਰਿਤ ਕੀਤਾ। ਉਹਨਾਂ ਵਿਸ਼ੇਸ਼ ਤੌਰ ਤੇ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਨੂੰ ਇਸ ਦਿਸ਼ਾ ਵਿੱਚ ਸਹਿਯੋਗ ਕਰਨ ਦੀ ਅਪੀਲ ਵੀ ਕੀਤੀ। ਡਾ. ਸਿੰਘ ਨੇ ਵਿਸ਼ੇਸ਼ ਤੌਰ 'ਤੇ ਪੰਜਾਬ ਵਿਚ ਲਗਾਈਆਂ ਜਾਂਦੀਆਂ ਪਾਣੀ ਦੀਆਂ ਛਬੀਲਾਂ ਸਮੇਂ ਸਟੀਲ ਦੇ ਗਲਾਸਾਂ ਦੀ ਵਰਤੋਂ ਕਰਨ ਲਈ ਕਿਹਾ, ਜਿਹੜਾ ਕਿ ਯੂਨੀਵਰਸਿਟੀ ਵਲੋਂ ਵੀ ਕੀਤਾ ਜਾਂਦਾ ਹੈ। ਜਿਸ ਦਾ ਸਥਾਨਕ ਲੋਕਾਂ ਵਲੋਂ ਭਰਵਾਂ ਹੁੰਗਾਰਾ ਮਿਲਿਆ ਅਤੇ ਪ੍ਰੋਗਰਾਮ ਦੌਰਾਨ ਛਬੀਲਾ ਦੇ ਠੰਡੇ-ਮਿੱਠੇ ਜਲ ਨੂੰ ਸਟੀਲ ਦੇ ਗਲਾਸਾਂ ਵਿੱਚ ਹੀ ਵਰਤਾਇਆ ਗਿਆ। ਇਸ ਮੌਕੇ ਨਿਰਦੇਸ਼ਕ ਪਸਾਰ ਨੇ ਖੇਤੀ, ਮਸ਼ੀਨਰੀ ਰਾਹੀਂ ਫਸਲਾਂ ਦੀ ਰਹਿੰਦ-ਖੂੰਹਦ ਦੀ ਸੁਚੱਜੀ ਸਾਂਭ-ਸੰਭਾਲ ਬਾਰੇ ਜਾਗਰੂਕ ਕੀਤਾ ਅਤੇ ਕਿਸਾਨਾਂ ਨੂੰ ਪਰਾਲੀ ਨਾ ਸਾੜਣ ਲਈ ਪ੍ਰੇਰਿਤ ਕੀਤਾ। ਉਹਨਾਂ ਕਿਸਾਨਾਂ ਨੂੰ ਸੰਤੁਲਿਤ ਖਾਦਾਂ ਦੀ ਵਰਤੋਂ ਕਰਕੇ ਮਿੱਟੀ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਦੀ ਅਪੀਲ ਕੀਤੀ।

# ਮਹਾਰਾਸ਼ਟਰ ਸਰਕਾਰ ਤੁਰੰਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਐਕਟ 1956 ਨੂੰ ਬਹਾਲ ਕਰੇ : ਸੰਤ ਬਾਬਾ ਬਿਬੇਕ ਸਿੰਘ ਨਾਨਕਸਰ

## ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧ ਵਿੱਚ ਸਰਕਾਰੀ ਦਖ਼ਲਅੰਦਾਜ਼ੀ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ



ਚੌਂਕ ਮਹਿਤਾ, 26 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਅਕਾਲੀ ਦਲ ਵਾਰਿਸ ਹਲਕਾ ਜੰਡਿਆਲਾ ਗੁਰੂ ਦੇ ਸੀਨੀਅਰ ਆਗੂ ਸੇਵਾਦਾਰ ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਨੇ ਮਹਾਰਾਸ਼ਟਰ ਸਰਕਾਰ ਵੱਲੋਂ 70 ਸਾਲ ਪੁਰਾਣੇ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਐਕਟ 1956 ਨੂੰ ਰੱਦ ਕਰਕੇ ਉਸ ਦੀ ਥਾਂ ਨਵਾਂ ਐਕਟ ਲਾਗੂ ਕਰਨ ਦੀ ਤਿਆਰੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਇਹ ਫੈਸਲਾ ਸਿੱਖ ਧਾਰਮਿਕ ਸੰਸਥਾਵਾਂ ਦੇ ਪ੍ਰਬੰਧ ਵਿੱਚ ਸਰਕਾਰ ਦੀ ਸਿੱਧੀ ਦਖ਼ਲਅੰਦਾਜ਼ੀ ਹੈ, ਜਿਸ ਨੂੰ ਸਮੁੱਚਾ ਸਿੱਖ ਪੰਥ ਅਤੇ ਵਿਸ਼ਵ ਭਰ ਵਿੱਚ ਵੱਸਦੀ ਨਾਨਕ ਨਾਮ ਲੇਵਾ ਸੰਗਤ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ। ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ ਨਗਰ ਨਾਨਕਸਰ ਜੰਡਿਆਲਾ ਗੁਰੂ ਨੇ ਕਿਹਾ ਕਿ ਪ੍ਰਾਪਤ ਜਾਣਕਾਰੀ ਅਨੁਸਾਰ ਮਹਾਰਾਸ਼ਟਰ ਕੈਬਨਿਟ ਵੱਲੋਂ ਨਵੇਂ ਐਕਟ ਨੂੰ ਮਨਜ਼ੂਰੀ ਦਿੱਤੀ ਜਾ ਚੁੱਕੀ ਹੈ ਅਤੇ ਹੁਣ ਕੇਵਲ ਕਾਨੂੰਨੀ ਪ੍ਰਕਿਰਿਆ ਬਾਕੀ ਰਹਿ ਗਈ ਹੈ। ਇਸ ਫ਼ੈਸਲੇ ਨੇ ਦੇਸ਼-ਵਿਦੇਸ਼ ਵਿੱਚ ਵੱਸਦੀ ਸਿੱਖ ਸੰਗਤ ਦੇ ਮਨਾਂ ਵਿੱਚ ਗਹਿਰਾ ਰੋਸ ਪੈਦਾ ਕੀਤਾ ਹੈ। ਸੰਗਤਾਂ ਨੂੰ ਇਹ ਖ਼ਦਸ਼ਾ ਹੈ ਕਿ ਮਹਾਰਾਸ਼ਟਰ ਸਰਕਾਰ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧ ਉੱਤੇ ਪ੍ਰਭਾਵ ਅਤੇ ਆਪਣਾ ਨਿਯੰਤਰਣ ਵਧਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਮਹਾਰਾਸ਼ਟਰ ਸਰਕਾਰ ਦੀ ਕਿਸੇ ਵੀ ਅਜਿਹੀ ਕੋਝੀ ਰਾਜਨੀਤਿਕ ਚਾਲ ਦਾ ਡਟਵਾਂ ਵਿਰੋਧ ਕਰੇਗਾ। ਸੰਤ ਬਿਬੇਕ ਸਿੰਘ ਜੀ ਨੇ ਭਾਜਪਾ ਵਿੱਚ ਸ਼ਾਮਲ ਹੋਏ ਸਿੱਖ ਆਗੂਆਂ ਨੂੰ ਵੀ ਸਵਾਲ ਕੀਤਾ ਕਿ ਉਹ ਕਹਿੰਦੇ ਸਨ ਕਿ ਭਾਜਪਾ ਵਿੱਚ ਜਾ ਕੇ ਸਿੱਖਾਂ ਦੇ ਮਸਲੇ ਹੱਲ ਕਰਵਾਉਣਗੇ, ਪਰ ਅੱਜ ਜਦੋਂ ਸਿੱਖ ਕੌਮ ਦੇ ਇੱਕ ਮਹੱਤਵਪੂਰਨ ਤਖ਼ਤ ਦੇ ਪ੍ਰਬੰਧ ਨਾਲ ਜੁੜਿਆ ਮਸਲਾ ਖੜ੍ਹਾ ਹੋਇਆ ਹੈ ਤਾਂ ਉਹ ਚੁੱਪ ਕਿਉਂ ਹਨ ? ਉਨ੍ਹਾਂ ਕਿਹਾ ਕਿ ਜੇਕਰ ਉਹ ਸੱਚਮੁੱਚ ਸਿੱਖ ਹਿੱਤਾ ਦੇ ਹਾਮੀ ਹਨ ਤਾਂ ਉਨ੍ਹਾਂ ਨੂੰ ਇਸ ਮਾਮਲੇ 'ਤੇ ਆਪਣਾ ਸਪੱਸ਼ਟ ਸਟੈਂਡ ਜਨਤਕ ਕਰਨਾ ਚਾਹੀਦਾ ਹੈ। ਉਨ੍ਹਾਂ ਸਮੁੱਚੀਆਂ ਪੰਥਕ, ਸਮਾਜਿਕ ਅਤੇ ਧਾਰਮਿਕ ਸਿਆਸੀ ਜਥੇਬੰਦੀਆਂ, ਪਾਰਟੀਆਂ ਅਤੇ ਸਿੱਖ ਆਗੂਆ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਸਿਆਸਤ ਤੋਂ ਉੱਪਰ ਉੱਠ ਕੇ ਇਸ ਸਿੱਖ ਵਿਰੋਧੀ ਫ਼ੈਸਲੇ ਦਾ ਵਿਰੋਧ ਕਰਨ ਲਈ ਇੱਕ ਮੰਚ 'ਤੇ ਇਕੱਠੇ ਹੋਣ ਅਤੇ ਸਿੱਖ ਧਾਰਮਿਕ ਅਧਿਕਾਰਾਂ ਦੀ ਰਾਖੀ ਲਈ ਸਾਂਝੀ ਆਵਾਜ਼ ਬੁਲੰਦ ਕਰਨ। ਸੰਤ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਇਹ ਵੀ ਧਿਆਨਯੋਗ ਹੈ ਕਿ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਗਿਆਨੀ ਕੁਲਵੰਤ ਸਿੰਘ ਜੀ, ਪੰਜ ਪਿਆਰੇ ਸਾਹਿਬਾਨਾਂ ਅਤੇ ਪ੍ਰਬੰਧਕਾਂ ਵੱਲੋਂ ਵੀ ਮਹਾਰਾਸ਼ਟਰ ਸਰਕਾਰ ਦੇ ਇਸ ਫੈਸਲੇ ਦੀ ਪੁਰਜ਼ੋਰ ਨਿੰਦਾ ਕੀਤੀ ਗਈ ਹੈ, ਜੋ ਇਸ ਮਾਮਲੇ ਦੀ ਗੰਭੀਰਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਨੇ ਕਿਹਾ ਕਿ ਸਿੱਖ ਕੌਮ ਆਪਣੇ ਤਖ਼ਤਾਂ ਅਤੇ ਧਾਰਮਿਕ ਸੰਸਥਾਵਾਂ ਦੀ ਸੁਤੰਤਰਤਾ ਨਾਲ ਕਿਸੇ ਵੀ ਤਰ੍ਹਾ ਦਾ ਸਮਝੌਤਾ ਨਹੀਂ ਕਰੇਗੀ ਅਤੇ ਲੋੜ ਪੈਣ 'ਤੇ ਇਸ ਫ਼ੈਸਲੇ ਖ਼ਿਲਾਫ਼ ਵਿਆਪਕ ਸੰਘਰਸ਼ ਵਿੱਢਿਆ ਜਾਵੇਗਾ।

# ਵਿਸ਼ਵ ਵਾਤਾਵਰਣ ਦਿਵਸ ਮੌਕੇ ਐਚਐਮਈਐਲ ਦਾ ਹਰਿਤ ਸੰਕਲਪ, ਰੁੱਖ ਲਗਾ ਕੇ ਅਤੇ ਜਾਗਰੂਕਤਾ ਮੁਹਿੰਮਾਂ ਰਾਹੀਂ ਦਿੱਤਾ ਜਲਵਾਯੂ ਸੁਰੱਖਿਆ ਦਾ ਸੰਦੇਸ਼

## 500 ਤੋਂ ਵੱਧ ਪੌਦੇ ਲਗਾਏ, ਰੀਯੂਜ਼ੇਬਲ ਬੈਗ ਵੰਡੇ, ਵਾਤਾਵਰਣ ਜਾਗਰੂਕਤਾ ਲਈ ਸਲੋਗਨ ਅਤੇ ਕੁਇਜ਼ ਮੁਕਾਬਲੇ ਕਰਵਾਏ





ਤਲਵੰਡੀ ਸਾਬੋ, 26 ਜੂਨ (ਗੁਰਜੰਟ ਸਿੰਘ ਨਥੇਹਾ)- ਵਾਤਾਵਰਣ ਸੰਭਾਲ ਅਤੇ ਟਿਕਾਊ ਵਿਕਾਸ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਿਆਂ ਐਚਐਮਈਐਲ ਨੇ ਵਿਸ਼ਵ ਵਾਤਾਵਰਣ ਦਿਵਸ 2026 ਨੂੰ ਆਪਣੇ ਸਾਰੇ ਕਾਰੋਬਾਰੀ ਸਥਾਨਾਂ, ਰਿਫ਼ਾਇਨਰੀ ਕੰਪਲੈਕਸ, ਟਾਊਨਸ਼ਿਪ ਅਤੇ ਆਸ-ਪਾਸ ਦੇ ਪਿੰਡਾਂ ਵਿੱਚ ਬੜੇ ਉਤਸ਼ਾਹ ਅਤੇ ਭਾਗੀਦਾਰੀ ਨਾਲ ਮਨਾਇਆ। ਇਸ ਮੌਕੇ ਕਰਮਚਾਰੀਆਂ, ਵਰਕਰਾਂ, ਸੀਨੀਅਰ ਪ੍ਰਬੰਧਨ ਅਤੇ ਸਥਾਨਕ ਭਾਈਚਾਰੇ ਨੇ ਮਿਲ ਕੇ ਵਾਤਾਵਰਣ ਸੰਭਾਲ ਦਾ ਸੰਦੇਸ਼ ਦਿੱਤਾ। ਵਿਸ਼ਵ ਵਾਤਾਵਰਣ ਦਿਵਸ ਦੀ ਥੀਮ "ਕਲਾਈਮੇਟ ਐਕਸ਼ਨ - ਐਕਟ ਟੂਡੇ ਫਾਰ ਅ ਬੈਟਰ ਟੂਮਾਰੋ" ਦੇ ਅਨੁਸਾਰ ਆਯੋਜਿਤ ਪ੍ਰੋਗਰਾਮਾਂ ਦਾ ਉਦੇਸ਼ ਵਾਤਾਵਰਣ ਸੰਬੰਧੀ ਜਾਗਰੂਕਤਾ ਵਧਾਉਣਾ, ਹਰਿਆਲੀ ਨੂੰ ਮਜ਼ਬੂਤ ਕਰਨਾ ਅਤੇ ਲੋਕਾਂ ਨੂੰ ਟਿਕਾਊ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ ਪ੍ਰੋਗਰਾਮ ਦੀਆਂ ਮੁੱਖ ਗਤੀਵਿਧੀਆਂ ਵਿੱਚ ਵਿਸ਼ਾਲ ਰੁੱਖ ਲਗਾਉਣ ਦੀ ਮੁਹਿੰਮ ਸ਼ਾਮਲ ਰਹੀ। ਐਚਐਮਈਐਲ ਦੇ ਮੁੱਖ ਸੰਚਾਲਨ ਅਧਿਕਾਰੀ (ਸੀਓਓ) ਸ਼੍ਰੀ ਐਮ. ਬੀ. ਗੋਹਿਲ ਨੇ ਸੀਨੀਅਰ ਪ੍ਰਬੰਧਨ ਟੀਮ ਨਾਲ ਮਿਲ ਕੇ ਰਿਫ਼ਾਇਨਰੀ ਦੇ ਵੱਖ-ਵੱਖ ਖੇਤਰਾਂ ਵਿੱਚ ਪੌਦੇ ਲਗਾ ਕੇ ਮੁਹਿੰਮ ਦੀ ਅਗਵਾਈ ਕੀਤੀ। ਕਰਮਚਾਰੀਆਂ ਅਤੇ ਠੇਕੇਦਾਰ ਕਰਮਚਾਰੀਆਂ ਨੇ ਵੀ ਬੜੇ ਉਤਸ਼ਾਹ ਨਾਲ ਭਾਗ ਲੈਂਦਿਆਂ ਵਾਤਾਵਰਣ ਸੁਰੱਖਿਆ ਪ੍ਰਤੀ ਆਪਣੀ ਵਚਨਬੱਧਤਾ ਦਰਸਾਈ। ਇਸ ਦੌਰਾਨ ਰਿਫ਼ਾਇਨਰੀ ਅਤੇ ਪੈਟਕੈਮ ਕੰਪਲੈਕਸ ਵਿੱਚ 200, ਈਥਨੋਲ ਪਲਾਂਟ ਵਿੱਚ 100, ਟਾਊਨਸ਼ਿਪ ਵਿੱਚ 100 ਅਤੇ ਪਾਈਪਲਾਈਨ ਖੇਤਰ ਸਮੇਤ ਹੋਰ ਕਾਰੋਬਾਰੀ ਸਥਾਨਾਂ 'ਤੇ ਵੱਡੀ ਗਿਣਤੀ ਵਿੱਚ ਪੌਦੇ ਲਗਾਏ ਗਏ। ਇਸ ਮੌਕੇ ਸ਼੍ਰੀ ਐਮ. ਬੀ. ਗੋਹਿਲ ਨੇ ਕਿਹਾ ਕਿ ਵਾਤਾਵਰਣ ਸੰਭਾਲ ਸਿਰਫ਼ ਇੱਕ ਦਿਨ ਦਾ ਅਭਿਆਨ ਨਹੀਂ, ਸਗੋਂ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਕਰਮਚਾਰੀਆਂ ਅਤੇ ਸਮਾਜ ਦੇ ਲੋਕਾਂ ਨੂੰ ਕੁਦਰਤੀ ਸਰੋਤਾਂ ਦੀ ਸੰਭਾਲ, ਰੁੱਖ ਲਗਾਉਣ ਅਤੇ ਟਿਕਾਊ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ। ਵਾਤਾਵਰਣ ਜਾਗਰੂਕਤਾ ਨੂੰ ਉਤਸ਼ਾਹਿਤ ਕਰਨ ਲਈ ਐਚਐਮਈਐਲ ਦੀ ਵਾਤਾਵਰਣ ਟੀਮ ਵੱਲੋਂ ਸਲੋਗਨ ਮੁਕਾਬਲੇ ਅਤੇ ਵਾਤਾਵਰਣ ਕੁਇਜ਼ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਕਰਮਚਾਰੀਆਂ ਅਤੇ ਠੇਕੇਦਾਰ ਕਰਮਚਾਰੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਨ੍ਹਾਂ ਮੁਕਾਬਲਿਆਂ ਰਾਹੀਂ ਜਲਵਾਯੂ ਪਰਿਵਰਤਨ, ਵਾਤਾਵਰਣ ਸੁਰੱਖਿਆ ਅਤੇ ਟਿਕਾਊ ਵਿਕਾਸ ਨਾਲ ਜੁੜੇ ਵਿਸ਼ਿਆਂ ਬਾਰੇ ਜਾਗਰੂਕਤਾ ਫੈਲਾਉਣ ਦਾ ਯਤਨ ਕੀਤਾ ਗਿਆ। ਇੱਕ ਹੋਰ ਮਹੱਤਵਪੂਰਨ ਪਹਿਲ ਤਹਿਤ ਐਚਐਮਈਐਲ ਦੀ ਵਾਤਾਵਰਣ ਟੀਮ ਨੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਸਹਿਯੋਗ ਨਾਲ ਕਰਮਚਾਰੀਆਂ ਵਿੱਚ ਦੁਬਾਰਾ ਵਰਤੋਂਯੋਗ ਕਪੜੇ ਦੇ ਬੈਗ (ਰੀਯੂਜ਼ੇਬਲ ਬੈਗ) ਵੰਡੇ। ਇਸ ਦਾ ਉਦੇਸ਼ ਸਿੰਗਲ-ਯੂਜ਼ ਪਲਾਸਟਿਕ ਦੀ ਵਰਤੋਂ ਨੂੰ ਘਟਾਉਣਾ ਅਤੇ ਵਾਤਾਵਰਣ-ਅਨੁਕੂਲ ਵਿਕਲਪਾਂ ਨੂੰ ਉਤਸ਼ਾਹਿਤ ਕਰਨਾ ਸੀ। ਕਰਮਚਾਰੀਆਂ ਨੇ ਇਸ ਪਹਿਲ ਦਾ ਸਵਾਗਤ ਕਰਦਿਆਂ ਸਾਫ਼-ਸੁਥਰੇ ਅਤੇ ਹਰਿਤ ਵਾਤਾਵਰਣ ਲਈ ਯੋਗਦਾਨ ਪਾਉਣ ਦਾ ਸੰਕਲਪ ਲਿਆ। ਐਚਐਮਈਐਲ ਦੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (ਸੀਐਸਆਰ) ਟੀਮ ਵੱਲੋਂ ਵੀ ਆਸ-ਪਾਸ ਦੇ ਪਿੰਡਾਂ ਵਿੱਚ ਰੁੱਖ ਲਗਾਉਣ ਦੀਆਂ ਮੁਹਿੰਮਾਂ ਚਲਾ ਕੇ ਵਾਤਾਵਰਣ ਸੰਭਾਲ ਦੇ ਯਤਨਾਂ ਨੂੰ ਲਗਾਤਾਰ ਮਜ਼ਬੂਤੀ ਦਿੱਤੀ ਜਾ ਰਹੀ ਹੈ। ਇਸ ਪਹਿਲ ਰਾਹੀਂ ਨਾ ਸਿਰਫ਼ ਸਥਾਨਕ ਖੇਤਰਾਂ ਵਿੱਚ ਹਰਿਆਲੀ ਵਧਾਉਣ ਦਾ ਉਪਰਾਲਾ ਕੀਤਾ ਗਿਆ, ਸਗੋਂ ਪਿੰਡ ਵਾਸੀਆਂ ਨੂੰ ਵੀ ਵਾਤਾਵਰਣ ਸੁਰੱਖਿਆ ਪ੍ਰਤੀ ਜਾਗਰੂਕ ਕਰਨ ਦਾ ਸੰਦੇਸ਼ ਦਿੱਤਾ ਗਿਆ।

# ਇੱਕ ਨਜ਼ਰ . . .



## ਇੰਗਲੈਂਡ ਦੀ ਸੰਗਤ ਨੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਪ੍ਰਕਾਸ਼ ਅਸਥਾਨ ਲਈ ਚਾਂਦੀ ਦੇ ਛਤਰ ਦੀ ਸੇਵਾ ਕਰਵਾਈ

ਤਲਵੰਡੀ ਸਾਬੋ, 26 ਜੂਨ (ਗੁਰਜੰਟ ਸਿੰਘ ਨਥੇਹਾ)- 30 ਜੂਨ ਨੂੰ ਮਨਾਏ ਜਾ ਰਹੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਕਰਕੇ ਇੰਗਲੈਂਡ ਦੀ ਸਿੱਖ ਸੰਗਤ ਵੱਲੋਂ ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਦੇ ਪ੍ਰਕਾਸ਼ ਅਸਥਾਨ ਲਈ ਚਾਂਦੀ ਦੇ ਛਤਰ ਦੀ ਸੇਵਾ ਤਖਤ ਸਾਹਿਬ ਦੇ ਮੁੱਖ ਕਥਾਵਾਚਕ ਗਿਆਨੀ ਆਲਮ ਸਿੰਘ ਦੀ ਪ੍ਰੇਰਣਾ ਸਦਕਾ ਕਰਵਾਈ ਗਈ ਹੈ ਅਤੇ ਤਿਆਰ ਕਰਵਾਇਆ ਗਿਆ ਛਤਰ ਅੱਜ ਗਿਆਨੀ ਆਲਮ ਸਿੰਘ ਨੇ ਰਸਮੀ ਤੌਰ ’ਤੇ ਤਖਤ ਸਾਹਿਬ ਦੇ ਮੈਨੇਜ਼ਰ ਭਾਈ ਨਰਿੰਦਰਜੀਤ ਸਿੰਘ ਭਵਾਨੀਗੜ੍ਹ ਨੂੰ ਸੌਂਪ ਦਿੱਤਾ। ਇਸ ਸਬੰਧੀ ਗਿਆਨੀ ਆਲਮ ਸਿੰਘ ਨੇ ਦੱਸਿਆ ਕਿ ਚਾਂਦੀ ਦੇ ਛਤਰ ਦੀ ਸੇਵਾ ਇੰਗਲੈਂਡ ਦੀਆਂ ਸਿੱਖ ਸੰਗਤਾਂ ਵੱਲੋਂ ਕਰਵਾਈ ਗਈ ਅਤੇ ਉਨਾਂ ਦੇ ਸਹਿਯੋਗ ਉਪਰੰਤ ਇਹ ਛਤਰ ਸਥਾਨਕ ਜਵੈਲਰ ਤੋਂ ਤਿਆਰ ਕਰਵਾਇਆ ਗਿਆ। ਉਨਾਂ ਮੁਤਾਬਿਕ ਇੱਕ ਲੱਖ ਤ੍ਰੇਹਠ ਹਜ਼ਾਰ ਦੀ ਲਾਗਤ ਨਾਲ ਤਿਆਰ ਚਾਂਦੀ ਦਾ ਇਹ ਸੁੰਦਰ ਛਤਰ ਅੱਜ ਤਖਤ ਸਾਹਿਬ ਦੇ ਮੈਨੇਜ਼ਰ ਸਾਹਿਬ ਨੂੰ ਸੌਂਪ ਦਿੱਤਾ ਗਿਆ ਜਦੋਂਕਿ ਛੇਵੇਂ ਪਾਤਸ਼ਾਹ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਕਰਕੇ ‘ਗੁਰੂ ਨਾਨਕ ਸਾਹਿਬ ਦੀ ਸੰਗਤ’ ਵੱਲੋਂ ਤਖਤ ਸਾਹਿਬ ਦੇ ਲੰਗਰ ਹਾਲ ਲਈ ਦੋ ਪਾਣੀ ਵਾਲੀਆਂ ਮਸ਼ੀਨਾਂ ਦੀ ਸੇਵਾ ਵੀ ਕਰਵਾਈ ਗਈ ਹੈ।ਤਖਤ ਸਾਹਿਬ ਦੇ ਮੈਨੇਜ਼ਰ ਭਾਈ ਨਰਿੰਦਰਜੀਤ ਸਿੰਘ ਨੇ ਉਕਤ ਸੇਵਾਵਾਂ ਲਈ ਇੰਗਲੈਂਡ ਦੀਆਂ ਸੰਗਤਾਂ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਚਾਂਦੀ ਦੇ ਛਤਰ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਸ਼ੁਸੋਭਿਤ ਕਰ ਦਿੱਤਾ ਗਿਆ ਹੈ। ਇਸ ਮੌਕੇ ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਵੀ ਮੌਜੂਦ ਸਨ।

## ਕ੍ਰਿਸ਼ਨ ਸਿੰਘ ਭਾਗੀਵਾਂਦਰ ਦੇ ਨਵੇਂ ਪਾਰਟੀ ਦਫ਼ਤਰ ਦਾ ਉਦਘਾਟਨ ਅੱਜ, ਵਰਕਰਾਂ ਨੂੰ ਵੱਧ ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ

ਤਲਵੰਡੀ ਸਾਬੋ, 26 ਜੂਨ (ਗੁਰਜੰਟ ਸਿੰਘ ਨਥੇਹਾ)- ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਹਲਕਾ ਤਲਵੰਡੀ ਸਾਬੋ ਵਿੱਚ ਕਾਂਗਰਸ ਪਾਰਟੀ ਨੇ ਆਪਣੀਆਂ ਸਿਆਸੀ ਸਰਗਰਮੀਆਂ ਨੂੰ ਹੋਰ ਤੇਜ਼ ਕਰਨ ਦਾ ਫ਼ੈਸਲਾ ਕੀਤਾ ਹੈ। ਇਸੇ ਕੜੀ ਤਹਿਤ 27 ਜੂਨ ਨੂੰ ਤਲਵੰਡੀ ਸਾਬੋ ਵਿਖੇ ਕਾਂਗਰਸ ਪਾਰਟੀ ਦੇ ਨਵੇਂ ਦਫ਼ਤਰ ਦਾ ਸ਼ੁਭ ਉਦਘਾਟਨ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਤਲਵੰਡੀ ਸਾਬੋ ਤੋਂ ਮੁੱਖ ਸੇਵਾਦਾਰ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਨਵਾਂ ਦਫ਼ਤਰ ਹਲਕੇ ਵਿੱਚ ਪਾਰਟੀ ਦੀਆਂ ਸੰਗਠਨਾਤਮਕ ਗਤੀਵਿਧੀਆਂ ਦਾ ਕੇਂਦਰ ਬਣੇਗਾ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਬੂਥ ਪੱਧਰ ਤੱਕ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪਾਰਟੀ ਵਰਕਰਾਂ ਨਾਲ ਲਗਾਤਾਰ ਮੀਟਿੰਗਾਂ, ਜਨ ਸੰਪਰਕ ਮੁਹਿੰਮਾਂ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਜਾਗਰ ਕਰਨ ਲਈ ਵਿਸ਼ੇਸ਼ ਪ੍ਰੋਗਰਾਮ ਚਲਾਏ ਜਾਣਗੇ। ਉਨ੍ਹਾਂ ਹਲਕੇ ਦੇ ਸਮੂਹ ਕਾਂਗਰਸੀ ਆਗੂਆਂ, ਵਰਕਰਾਂ ਅਤੇ ਸਮਰਥਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਪਿੰਡਾਂ ਤੋਂ ਵੱਧ ਤੋਂ ਵੱਧ ਸਾਥੀਆਂ ਨੂੰ ਨਾਲ ਲੈ ਕੇ ਸਮੇਂ ਸਿਰ ਉਦਘਾਟਨ ਸਮਾਗਮ ਵਿੱਚ ਪਹੁੰਚਣ, ਤਾਂ ਜੋ ਇਹ ਸਮਾਗਮ ਪਾਰਟੀ ਦੀ ਏਕਤਾ, ਤਾਕਤ ਅਤੇ 2027 ਦੀਆਂ ਚੋਣਾਂ ਲਈ ਮਜ਼ਬੂਤ ਤਿਆਰੀ ਦਾ ਪ੍ਰਤੀਕ ਬਣ ਸਕੇ। ਉਨ੍ਹਾਂ ਕਿਹਾ ਕਿ ਨਵੇਂ ਦਫ਼ਤਰ ਦੇ ਉਦਘਾਟਨ ਨਾਲ ਹਲਕੇ ਵਿੱਚ ਕਾਂਗਰਸ ਦੀਆਂ ਸਿਆਸੀ ਸਰਗਰਮੀਆਂ ਨੂੰ ਨਵੀਂ ਰਫ਼ਤਾਰ ਮਿਲੇਗੀ ਅਤੇ ਪਾਰਟੀ ਨੂੰ ਬੂਥ ਪੱਧਰ ਤੱਕ ਹੋਰ ਮਜ਼ਬੂਤ ਕਰਨ ਲਈ ਇਹ ਇੱਕ ਅਹਿਮ ਕਦਮ ਸਾਬਤ ਹੋਵੇਗਾ।



## ਸ਼ੈਲਟਰ ਨੇ ਦਾਨ ਕੀਤੀ ਟਰਾਈ ਸਾਈਕਲ: ਡਾ. ਮੁਲਤਾਨੀ

ਚੌਕ ਮਹਿਤਾ, 26 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸਮਾਜ ਸੇਵੀ ਸੰਸਥਾ ਸ਼ੈਲਟਰ ਚੈਰੀਟੇਬਲ ਟਰੱਸਟ (ਰਜਿ) ਪਿਛਲੇ ਤੀਹ ਸਾਲਾਂ ਤੋਂ ਜ਼ਿਆਦਾ ਸਮੇਂ ਤੋਂ ਸਮਾਜ ਸੇਵਾ ਦਾ ਲਗਾਤਾਰ ਕੰਮ ਕਰ ਰਹੀ ਡਾ ਦਲੇਰ ਸਿੰਘ ਮੁਲਤਾਨੀ , ਸਿਵਲ ਸਰਜਨ ( ਰਿਟਾ ) ਅਤੇ ਸੰਸਥਾ ਦੇ ਪ੍ਰਧਾਨ ਨੇ ਦੱਸਿਆ ਕਿ ਅੱਜ ਨੇੜਲੇ ਪਿੰਡ ਬੱਲੋਪੁਰ ਦੇ ਵਸਨੀਕ ਇੱਕ ਵੱਖਰੇ ਕਿਸਮ ਦੇ ਸਮਰੱਥ ਵਿਅਕਤੀ ਨੂੰ ਟਰਾਈ ਸਾਈਕਲ ਦਾਨ ਦਿੱਤੀ ਲਾਭਪਾਤਰੀ ਸ ਜਸਵਿੰਦਰ ਸਿੰਘ ਨੇ ਸੰਸਥਾ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਪਿਛਲੇ ਦੋ ਸਾਲਾਂ ਤੋਂ ਟਰਾਈ ਸਾਈਕਲ ਤੋਂ ਬਗੈਰ ਉਹ ਘਰ ਤੱਕ ਹੀ ਸੀਮਤ ਸੀ ਪਰ ਹੁਣ ਟਰਾਈ ਸਾਈਕਲ ਮਿਲਣ ਤੋਂ ਬਾਅਦ ਉਹ ਅਪਣੀ ਜ਼ਿੰਦਗੀ ਨੂੰ ਥੋੜ੍ਹਾ ਸੌਖਾ ਬਣਾ ਸਕੇਗਾ ਅਤੇ ਘਰ ਤੋਂ ਬਾਹਰ ਆਮ ਆਦਮੀ ਦੀ ਜ਼ਿੰਦਗੀ ਬਤੀਤ ਕਰ ਸਕੇਗਾ। ਡਾ ਮੁਲਤਾਨੀ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਕਈ ਵੱਖਰੇ ਕਿਸਮ ਦੇ ਸਮਰੱਥ ਲੋੜਵੰਦ ਵਿਅਕਤੀਆਂ ਨੂੰ ਟਰਾਈ ਸਾਈਕਲਾਂ ਦਿਤੀਆਂ ਜਾ ਚੁੱਕੀਆਂ ਹਨ ਡਾ ਮੁਲਤਾਨੀ ਨੇ ਦੱਸਿਆ ਕਿ ਸ਼ੈਲਟਰ ਸਿਰਫ ਇੱਕ ਨਾਮ ਨਹੀਂ ਸਗੋਂ ਸੁਸਾਇਟੀ ਦਾ ਫ਼ਲਸਫ਼ਾ ਹੈ ਜਿਸ ਤਹਿਤ ਸੈਂਕੜੇ ਸਕੂਲਾਂ ਨੂੰ ਹਵਾ ਪਾਣੀ ਪ੍ਰਦੂਸ਼ਣ ਤੋਂ ਮੁਕਤ ਕਰਨ ਦੀ ਮਦਦ ਤੋਂ ਇਲਾਵਾ ਬੱਚਿਆਂ ਲਈ ਖੇਡ ਗਰਾਊਂਡ ਅਤੇ ਹੋਰ ਜਰੂਰੀ ਸਹੂਲਤਾਂ ਲਈ ਵੀ ਲਗਾਤਾਰ ਮਦਦ ਕੀਤੀ ਜਾ ਰਹੀ। ਇਸੇ ਤਰ੍ਹਾਂ ਸੰਸਥਾ ਵਲੋਂ ਸਿਹਤ ਦੇ ਖੇਤਰ ਵਿੱਚ ਮਰੀਜ਼ਾਂ ਦੀ ਮਦਦ ਕਰਨ ਤੋਂ ਇਲਾਵਾ ਸਮੇਂ ਸਮੇਂ ਬਿਮਾਰੀਆਂ ਤੋਂ ਬਚਾਅ ਲਈ ਜਾਗਰੂਕਤਾ ਮੁਹਿੰਮ ਵੀ ਪਿਛਲੇ ਤੀਹ ਪੈਂਤੀ ਸਾਲਾਂ ਤੋਂ ਚਲਾਈ ਹੋਈ ਹੈ ਇਸ ਮੌਕੇ ਲਾਭ ਸਿੰਘ ਸੀਨੀਅਰ ਮੀਤ ਪ੍ਰਧਾਨ, ਖਜ਼ਾਨਚੀ ਰਘੁਬੀਰ ਜੁਨੇਜਾ, ਜੱਗੀ ਤੁਸ਼ਾਰ, ਮਨੋਜ ਮਹਿਤਾ ਅਮਨ ਹਾਜ਼ਰ ਸਨ ।



# ਲੋਕ ਮਿਲਣੀ ਇਤਰਾਜ਼ਯੋਗ ਵੀਡੀਓ ਤੋਂ ਲੋਕਾਂ ਦਾ ਧਿਆਨ ਭਟਕਾਉਣ ਅਤੇ ਰਾਜਨੀਤਿਕ ਛਵੀ ਨੂੰ ਬਚਾਉਣਾ ਦੀ ਫ਼ਜ਼ੂਲ ਕਵਾਇਦ : ਪ੍ਰੋ. ਸਰਚਾਂਦ ਸਿੰਘ ਖਿਆਲਾ

### ਪੰਜਾਬ ਨੂੰ ਇਵੈਂਟ ਮੈਨੇਜਮੈਂਟ ਨਹੀਂ, ਪ੍ਰਭਾਵਸ਼ਾਲੀ ਗਵਰਨੈਂਸ ਦੀ ਲੋੜ ਹੈ : ਪ੍ਰੋ. ਸਰਚਾਂਦ ਸਿੰਘ ਖਿਆਲਾ

### ਲੋਕ ਮਿਲਣੀ ਸਿਆਸੀ ਇਮੇਜ ਮੈਨੇਜਮੈਂਟ ਦਾ ਸਾਧਨ ਨਹੀਂ, ਲੋਕਾਂ ਦੀਆਂ ਸਮੱਸਿਆਵਾਂ ਦੇ ਸਥਾਈ ਹੱਲ ਦਾ ਮਾਧਿਅਮ ਬਣੇ



ਅੰਮ੍ਰਿਤਸਰ, 26 ਜੂਨ (ਆਵਾਜ਼ਿ ਕੌਮ ਬਿਊਰੋ)-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰਾ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕੀਤੇ ਜਾ ਰਹੇ “ਲੋਕ ਮਿਲਣੀ” ਪ੍ਰੋਗਰਾਮਾਂ ਦੇ ਉਦੇਸ਼, ਸਮੇਂ ਅਤੇ ਪਾਰਦਰਸ਼ਤਾ ਨੂੰ ਲੈ ਕੇ ਗੰਭੀਰ ਸਵਾਲ ਖੜ੍ਹੇ ਕਰਦਿਆਂ ਕਿਹਾ ਕਿ ਲੋਕ ਮਿਲਣੀ ਇਤਰਾਜ਼ਯੋਗ ਵੀਡੀਓ ਤੋਂ ਲੋਕਾਂ ਦਾ ਧਿਆਨ ਭਟਕਾਉਣ ਅਤੇ ਰਾਜਨੀਤਿਕ ਛਵੀ ਨੂੰ ਬਚਾਉਣਾ ਦੀ ਨਾਕਾਮ ਕਵਾਇਦ ਹੈ। ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਜਨਤਾ ਨਾਲ ਸੰਵਾਦ ਸਿਰਫ਼ ਰਾਜਨੀਤਿਕ ਛਵੀ ਸੁਧਾਰਨ ਜਾਂ ਵਿਵਾਦਾਂ ਤੋਂ ਧਿਆਨ ਭਟਕਾਉਣ ਦਾ ਸਾਧਨ ਬਣ ਜਾਵੇ ਤਾਂ ਇਸ ਦੀ ਭਰੋਸੇਯੋਗਤਾ ਆਪਣੇ ਆਪ ਸ਼ੱਕ ਦੇ ਘੇਰੇ ਵਿੱਚ ਆ ਜਾਂਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਅੱਜ ਇਵੈਂਟ ਮੈਨੇਜਮੈਂਟ ਨਹੀਂ, ਸਗੋਂ ਪ੍ਰਭਾਵਸ਼ਾਲੀ, ਜਵਾਬਦੇਹ ਅਤੇ ਨਤੀਜਾ-ਕੇਂਦਰਿਤ ਗਵਰਨੈਂਸ ਦੀ ਲੋੜ ਹੈ। ਲੋਕ ਮਿਲਣੀ ਤਦੋਂ ਹੀ ਸਫਲ ਮੰਨੀ ਜਾਵੇਗੀ ਜਦੋਂ ਆਮ ਨਾਗਰਿਕ ਨੂੰ ਆਪਣੀ ਸ਼ਿਕਾਇਤ ਦੇ ਹੱਲ ਲਈ ਸਰਕਾਰੀ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ ਅਤੇ ਉਸ ਨੂੰ ਸਮੇਂ ਸਿਰ ਨਿਆਂ ਅਤੇ ਸੇਵਾ ਮਿਲੇ। ਪ੍ਰੋ. ਖਿਆਲਾ ਨੇ ਕਿਹਾ ਕਿ ਜਦੋਂ ਪੰਜਾਬ ਨਸ਼ਿਆਂ ਦੀ ਚੁਣੌਤੀ, ਵਿਗੜਦੀ ਕਾਨੂੰਨ-ਵਿਵਸਥਾ, ਗੈਂਗਸਟਰਵਾਦ, ਬੇਰੁਜ਼ਗਾਰੀ, ਕਿਸਾਨੀ ਸੰਕਟ, ਵਧਦੇ ਸਰਕਾਰੀ ਕਰਜ਼ੇ, ਉਦਯੋਗਾਂ ਦੇ ਪਲਾਇਨ, ਸਰਹੱਦੀ ਸੁਰੱਖਿਆ, ਸਿਹਤ ਅਤੇ ਸਿੱਖਿਆ ਦੀਆਂ ਕਮੀਆਂ, ਬੇਅਦਬੀ ਦੇ ਮਾਮਲਿਆਂ, ਗੈਰ-ਕਾਨੂੰਨੀ ਮਾਈਨਿੰਗ, ਡਿੱਗਦੇ ਭੂ-ਜਲ ਪੱਧਰ, ਵਾਤਾਵਰਣ ਪ੍ਰਦੂਸ਼ਣ ਅਤੇ ਨੌਜਵਾਨਾਂ ਦੇ ਵਧਦੇ ਪਰਵਾਸ ਵਰਗੇ ਗੰਭੀਰ ਸੰਕਟਾਂ ਨਾਲ ਜੂਝ ਰਿਹਾ ਹੈ, ਤਾਂ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਸਰਕਾਰ ਦੀ ਪਹਿਲ ਕੀ ਹੈ—ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਜਾਂ ਸਿਆਸੀ ਇਮੇਜ ਮੈਨੇਜਮੈਂਟ ? ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੇ ਲੋਕ ਮਿਲਣੀ ਪ੍ਰੋਗਰਾਮਾਂ ਦਾ ਸਮਾਂ ਵੀ ਕਈ ਪ੍ਰਸ਼ਨ ਖੜ੍ਹਾ ਕਰਦਾ ਹੈ। ਜਦੋਂ ਇਤਰਾਜ਼ਯੋਗ ਵੀਡੀਓ ਨੂੰ ਲੈ ਕੇ ਜਨਤਕ ਵਿਵਾਦ ਚੱਲ ਰਿਹਾ ਹੋਵੇ, ਤਾਂ ਲੋਕਤੰਤਰ ਵਿੱਚ ਪਹਿਲੀ ਜ਼ਿੰਮੇਵਾਰੀ ਉਸ ਵਿਵਾਦ ਬਾਰੇ ਸਪਸ਼ਟਤਾ ਅਤੇ ਜਵਾਬਦੇਹੀ ਦਿਖਾਉਣ ਦੀ ਹੁੰਦੀ ਹੈ। ਨਵੇਂ ਜਨਤਕ ਪ੍ਰੋਗਰਾਮ ਕਰਨਾ ਜਵਾਬਦੇਹੀ ਦਾ ਬਦਲ ਨਹੀਂ ਹੋ ਸਕਦਾ। ਪ੍ਰੋ. ਖਿਆਲਾ ਨੇ ਕਿਹਾ ਕਿ ਜੇ ਲੋਕ ਮਿਲਣੀ ਸੱਚਮੁੱਚ ਜਨਤਾ ਦੀਆਂ ਸਮੱਸਿਆਵਾਂ ਦੇ ਹੱਲ ਲਈ ਹੈ ਤਾਂ ਸਰਕਾਰ ਦੱਸੇ ਕਿ ਹੁਣ ਤੱਕ ਕਿੰਨੀਆਂ ਅਰਜ਼ੀਆਂ ਪ੍ਰਾਪਤ ਹੋਈਆਂ, ਕਿੰਨੀਆਂ ਦਾ ਨਿਪਟਾਰਾ ਹੋਇਆ, ਕਿੰਨੀਆਂ ਫਾਈਲਾਂ ’ਤੇ ਕਾਰਵਾਈ ਹੋਈ ਅਤੇ ਕਿੰਨੇ ਮਾਮਲੇ ਅਜੇ ਵੀ ਲੰਬਿਤ ਹਨ। ਹਰ ਜ਼ਿਲ੍ਹੇ ਦੀ ਰਿਪੋਰਟ ਅਤੇ ਨਤੀਜੇ ਜਨਤਕ ਕੀਤੇ ਜਾਣ ਤਾਂ ਜੋ ਲੋਕ ਵੀ ਇਸ ਦੀ ਪ੍ਰਭਾਵਸ਼ੀਲਤਾ ਦਾ ਮੁਲਾਂਕਣ ਕਰ ਸਕਣ। ਸਵਾਲ ਪ੍ਰੋਗਰਾਮ ਕਰਨ ਦਾ ਨਹੀਂ, ਨਤੀਜੇ ਦੇਣ ਦਾ ਹੈ। ਉਨ੍ਹਾਂ ਕਿਹਾ ਕਿ ਜੇ ਇਹ ਲੋਕ ਮਿਲਣੀ ਪ੍ਰੋਗਰਾਮ ਸਰਕਾਰੀ ਹਨ ਤਾਂ ਸਰਕਾਰ ਸਪੱਸ਼ਟ ਕਰੇ ਕਿ ਇਨ੍ਹਾਂ ’ਤੇ ਕਿੰਨਾ ਸਰਕਾਰੀ ਖ਼ਰਚ ਹੋਇਆ, ਕਿਹੜੇ ਅਧਿਕਾਰੀ ਅਤੇ ਵਿਭਾਗ ਤਾਇਨਾਤ ਕੀਤੇ ਗਏ ਅਤੇ ਕਿਹੜੇ ਪ੍ਰਸ਼ਾਸਨਿਕ ਸਰੋਤ ਵਰਤੇ ਗਏ। ਜੇਕਰ ਇਨ੍ਹਾਂ ਪ੍ਰੋਗਰਾਮਾਂ ਦਾ ਰਾਜਨੀਤਿਕ ਉਦੇਸ਼ ਹੈ ਤਾਂ ਸਰਕਾਰੀ ਮਸ਼ੀਨਰੀ ਅਤੇ ਸਰਕਾਰੀ ਸਰੋਤਾਂ ਦੀ ਵਰਤੋਂ ਬਾਰੇ ਵੀ ਸਰਕਾਰ ਨੂੰ ਜਨਤਾ ਅੱਗੇ ਜਵਾਬ ਦੇਣਾ ਚਾਹੀਦਾ ਹੈ। ਇਹ ਵੀ ਦੱਸਿਆ ਜਾਵੇ ਕਿ ਇਹ ਪ੍ਰੋਗਰਾਮ ਪਹਿਲਾਂ ਤੋਂ ਨਿਰਧਾਰਿਤ ਸਨ ਜਾਂ ਹਾਲੀਆ ਵਿਵਾਦਾਂ ਤੋਂ ਬਾਅਦ ਇਨ੍ਹਾਂ ਦਾ ਫ਼ੈਸਲਾ ਕੀਤਾ ਗਿਆ। ਧਾਰਮਿਕ ਪੱਖ ਦਾ ਜ਼ਿਕਰ ਕਰਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਸਿੱਖ ਸਮਾਜ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਸਰਵਉੱਚ ਧਾਰਮਿਕ ਅਥਾਰਿਟੀ ਹੈ ਅਤੇ ਇਸ ਦੇ ਹੁਕਮਾਂ ਦਾ ਸਤਿਕਾਰ ਹਰ ਸਿੱਖ ਦਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਇਕ ਪਾਸੇ ਅਕਾਲ ਤਖ਼ਤ ਦੇ ਫ਼ੈਸਲਿਆਂ ਦਾ ਸਤਿਕਾਰ ਦੇ ਦਾਅਵੇ ਹਨ ਤਾਂ ਦੂਜੇ ਪਾਸੇ ਉਸੇ ਸਿਧਾਂਤ ਨੂੰ ਨਜ਼ਰਅੰਦਾਜ਼ ਕਿਉਂ ਕੀਤਾ ਜਾ ਰਿਹਾ ? ਸ੍ਰੀ ਅਕਾਲ ਤਖ਼ਤ ਸਾਹਿਬ ਦੇ ਵੱਲੋਂ ਮੁੱਖ ਮੰਤਰੀ ਦੇ ਸਮਾਜਿਕ ਜਾਂ ਧਾਰਮਿਕ ਬਾਈਕਾਟ ਸਬੰਧੀ ਜਾਰੀ ਹੁਕਮ ਦੀ ਮੌਜੂਦਗੀ ’ਚ ਮੁੱਖ ਮੰਤਰੀ ਮਾਨ ਵੱਲੋਂ ਕੀਤੇ ਜਾ ਰਹੇ ਇਕੱਠ ਅਕਾਲ ਤਖ਼ਤ ਸਾਹਿਬ ਦੇ ਹੁਕਮ ਨੂੰ ਸਿੱਧੀ ਚੁਨੌਤੀ ਹੈ ਅਤੇ ਤੌਹੀਨ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਲੋਕਤੰਤਰ ਵਿੱਚ ਕਿਸੇ ਵੀ ਮੁੱਖ ਮੰਤਰੀ ਦੀ ਸਭ ਤੋਂ ਵੱਡੀ ਤਾਕਤ ਵੱਡੇ ਮੰਚ ਜਾਂ ਭੀੜ ਨਹੀਂ, ਸਗੋਂ ਜਨਤਾ ਦਾ ਭਰੋਸਾ ਹੁੰਦਾ ਹੈ। ਇਹ ਭਰੋਸਾ ਕੇਵਲ ਪ੍ਰਚਾਰ, ਸਮਾਗਮਾਂ ਅਤੇ ਫ਼ੋਟੋ-ਅਪੋਰਚੁਨਿਟੀਆਂ ਨਾਲ ਨਹੀਂ, ਬਲਕਿ ਪਾਰਦਰਸ਼ਤਾ, ਜਵਾਬਦੇਹੀ, ਨਿਮਰਤਾ ਅਤੇ ਪ੍ਰਭਾਵਸ਼ਾਲੀ ਪ੍ਰਸ਼ਾਸਨ ਨਾਲ ਬਣਦਾ ਹੈ। ਅੰਤ ਵਿੱਚ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਐਲਾਨ ਨਹੀਂ, ਅਮਲ; ਸਮਾਗਮ ਨਹੀਂ, ਸੁਸ਼ਾਸਨ; ਪ੍ਰਚਾਰ ਨਹੀਂ, ਪ੍ਰਦਰਸ਼ਨ; ਅਤੇ ਇਮੇਜ ਮੈਨੇਜਮੈਂਟ ਨਹੀਂ, ਨਤੀਜਾ-ਅਧਾਰਿਤ ਗਵਰਨੈਂਸ ਚਾਹੁੰਦੇ ਹਨ। ਸਰਕਾਰ ਨੂੰ ਆਪਣੀ ਪੂਰੀ ਊਰਜਾ ਰਾਜ ਦੇ ਅਸਲ ਸੰਕਟਾਂ ਦੇ ਹੱਲ ’ਤੇ ਕੇਂਦਰਿਤ ਕਰਨੀ ਚਾਹੀਦੀ ਹੈ, ਕਿਉਂਕਿ ਪੰਜਾਬ ਦਾ ਭਵਿੱਖ ਜਨਸੰਪਰਕ ਮੁਹਿੰਮਾਂ ਨਾਲ ਨਹੀਂ, ਸਗੋਂ ਮਜ਼ਬੂਤ ਅਤੇ ਜਵਾਬਦੇਹ ਸ਼ਾਸਨ ਨਾਲ ਸੁਰੱਖਿਅਤ ਹੋਵੇਗਾ।

# ਨਗਰ ਕੌਂਸਲ ਜੰਡਿਆਲਾ ਗੁਰੂ ਦੇ ਪ੍ਰਧਾਨ ਸਤਿੰਦਰ ਸਿੰਘ ਨੂੰ ਦਿੱਤੀ ਵਧਾਈ ਤੇ ਕਿਹਾ ਸਹਿਰ ਦੀ ਮਿਲੀ ਜ਼ਿੰਮੇਵਾਰੀ ਤੋਂ ਵੱਡੀ ਆਸ : ਰਾਜ ਭਨੋਟ ਆਸਟਰੇਲੀਆ



ਜੰਡਿਆਲਾ ਗੁਰੂ, 26 ਜੂਨ (ਕੁਲਵੰਤ ਸਿੰਘ ਵਿਰਦੀ ) ਆਮ ਆਦਮੀ ਦੀ ਪਾਰਟੀ ਦੀ ਸਰਕਾਰ ਆਈ ਨੂੰ ਸਾਢੇ ਚਾਰ ਸਾਲ ਤੋਂ ਉੱਪਰ ਦਾ ਸਮਾਂ ਹੋ ਗਿਆ ਹੈ। ਅਤੇ ਇੰਨੇ ਥੋੜੇ ਸਮੇਂ ਵਿੱਚ ਆਮ ਆਦਮੀ ਪਾਰਟੀ ਨੇ ਵਿਕਾਸ ਦੀ ਹਨੇਰੀ ਲਿਆਂਦੀ ਪਈ ਹੈ।, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆ ਰਾਜ ਭਨੋਟ ਆਸਟਰੇਲੀਆ ਨੇ ਪੱਤਰਕਾਰ ਨਾਲ ਫੋਨ ਤੇ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਜੰਡਿਆਲਾ ਗੁਰੂ ਵਿਖੇ ਨਗਰ ਕੌਂਸਲ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਇਤਿਹਾਸਿਕ ਜਿੱਤ ਹੋਈ ਹੈ।ਅਤੇ 15 ਵਾਰਡਾਂ ਵਿੱਚੋਂ 13 ਵਾਰਡਾਂ ਤੇ ਆਮ ਆਦਮੀ ਪਾਰਟੀ ਨੇ ਆਪਣੀ ਮੋਹਰ ਲਾਈ ਹੈ।, ਉਹਨਾਂ ਕਿਹਾ ਕਿ ਲੋਕ ਬਹੁਤ ਜਾਗਰੂਕ ਹੋ ਚੁੱਕੇ ਹਨ ਅਤੇ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਵਿਕਾਸ ਅਤੇ ਕੀਤੇ ਕੰਮਾਂ ਤੋ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਤਾਇਆ ਹੈ।, ਅਤੇ ਇਹ ਆਮ ਆਦਮੀ ਪਾਰਟੀ ਦੀ ਇਤਿਹਾਸਿਕ ਜਿੱਤ ਹੈ ਉਹਨਾਂ ਕਿਹਾ ਕਿ ਜੇਕਰ ਪਿੰਡਾਂ ਦੇ ਵਿਕਾਸ ਦੀ ਗੱਲ ਕੀਤੀ ਜਾਵੇ ਤਾਂ ਪਿੰਡਾਂ ਦੇ ਵਿਕਾਸ ਵਿੱਚ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ, ਕੋਈ ਕਸਰ ਨਹੀਂ ਛੱਡੀ, ਅਤੇ ਉਹ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਵੀ ਰਹਿੰਦੇ ਹਨ।, ਅੱਗੇ ਉਹਨਾਂ ਦੱਸਿਆ ਕਿ ਈਟੀਓ ਸਾਹਿਬ ਦਾ ਪੂਰਾ ਪਰਿਵਾਰ ਉਹਨਾਂ ਦੀ ਧਰਮ ਪਤਨੀ ਮੈਡਮ ਸੁਹਿੰਦਰ ਕੌਰ ਵੀ ਹਰ ਵੇਲੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹਿੰਦੇ ਹਨ।, ਉਹਨਾਂ ਕਿਹਾ ਕਿ ਸਾਢੇ ਚਾਰ ਸਾਲ ਵਿੱਚ ਆਮ ਆਦਮੀ ਪਾਰਟੀ ਨੇ ਪਿੰਡਾਂ ਤੇ ਸ਼ਹਿਰਾਂ ਦੀ ਨੁਹਾਰ ਹੀ ਬਦਲ ਦਿੱਤੀ ਹੈ ਉਹਨਾਂ ਕਿਹਾ ਕਿ ਜਿਹੜੀਆਂ ਸਰਕਾਰਾਂ ਪਿਛਲੇ 70 ਸਾਲਾਂ ਵਿੱਚ ਕੰਮ ਨਹੀਂ ਕਰਾ ਸਕੀਆਂ ਉਹ ਆਮ ਆਦਮੀ ਪਾਰਟੀ ਨੇ ਆਉਂਦਿਆਂ ਹੀ ਥੋੜੇ ਸਮੇਂ ਵਿੱਚ ਹੀ ਕੰਮ ਕਰਾ ਦਿੱਤੇ ਹਨ।, ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਜੋ ਲੋਕਾਂ ਨਾਲ ਵਾਅਦੇ ਕੀਤੇ ਸੀ ਉਹ ਵਾਅਦੇ ਹੌਲੀ ਹੌਲੀ ਪੂਰੇ ਕਰ ਰਹੀ ਹੈ।, ਉਹਨਾਂ ਕਿਹਾ ਕਿ ਨਗਰ ਕੌਂਸਲ ਦੀਆਂ ਚੌਣਾ ਵਿੱਚ ਵੱਡੇ ਪੱਧਰ ਤੇ ਆਮ ਆਦਮੀ ਪਾਰਟੀ ਦੀ ਜਿੱਤ ਦਰਸਾਉਂਦੀ ਹੈ ਕਿ 2027 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੀ ਬਣੇਗੀ ਇੱਥੇ ਹੀ ਉਹਨਾਂ ਨੇ ਜੰਡਿਆਲਾ ਗੁਰੂ ਨਗਰ ਕੌਂਸਲ ਦੀਆਂ ਚੋਣਾਂ ਦੇ ਪ੍ਰਧਾਨ ਬਣਨ ਦੀ ਗੱਲ ਕਰਦਿਆਂ ਕਿਹਾ ਕਿ ਮੰਤਰੀ ਹਰਭਜਨ ਸਿੰਘ ਈ ਟੀ ਓ ਦੇ ਛੋਟੇ ਭਰਾਤਾ ਸਤਿੰਦਰ ਸਿੰਘ ਨੂੰ ਨਗਰ ਕੌਂਸਲ ਜੰਡਿਆਲਾ ਗੁਰੂ ਦਾ ਪ੍ਰਧਾਨ ਬਣਾਉਣਾ ਇਤਿਹਾਸਿਕ ਫੈਸਲਾ ਹੈ, ਅੱਗੇ ਉਹਨਾਂ ਕਿਹਾ ਕਿ ਨਗਰ ਕੌਂਸਲ ਦੀ ਪ੍ਰਧਾਨਗੀ ਦਾ ਤਾਜ ਸਤਿੰਦਰ ਸਿੰਘ ਤੇ ਸੱਜਣ ਨਾਲ ਲੋਕਾਂ ਵਿੱਚ ਖੁਸ਼ੀ ਜੀ ਲਹਿਰ ਵੀ ਹੈ, ਅਤੇ ਅਸੀਂ ਆਸ ਕਰਦੇ ਹਾਂ ਕਿ ਪ੍ਰਧਾਨਗੀ ਦੇ ਅਹੁਦੇਦਾਰ ਲੋਕਾਂ ਦੀ ਸੇਵਾ ਵਿੱਚ ਹਰ ਵੇਲੇ ਤਤਪਰ ਰਹਿਣਗੇ।

# ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਜੰਡਿਆਲਾ ਗੁਰੂ ਹਲਕੇ ਦੇ ਪਿੰਡਾਂ ’ਚ ਕੀਤਾ ਲੋਕ ਮਿਲਣੀ ਪ੍ਰੋਗਰਾਮ

### ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਸਬੰਧਤ ਅਧਿਕਾਰੀਆਂ ਨੂੰ ਮੌਕੇ ’ਤੇ ਹੀ ਕੀਤੇ ਲੋੜੀਂਦੇ ਨਿਰਦੇਸ਼



ਜੰਡਿਆਲਾ ਗੁਰੂ , 26 ਜੂਨ: ( ਕੁਲਵੰਤ ਸਿੰਘ ਵਿਰਦੀ ) ਪੰਜਾਬ ਦੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਜੰਡਿਆਲਾ ਗੁਰੂ ਵਿਧਾਨ ਸਭਾ ਹਲਕੇ ਦੇ ਪਿੰਡ ਛੀਨਾ ਪੱਤੀ, ਫਤਿਹਪੁਰ ਖੁਰਦ ਅਤੇ ਰਾਏਪੁਰ ਕਲਾਂ ਵਿਖੇ ਲੋਕ ਮਿਲਣੀ ਪ੍ਰੋਗਰਾਮ ਕਰਵਾਏ ਗਏ। ਇਨ੍ਹਾਂ ਪ੍ਰੋਗਰਾਮਾਂ ਦੌਰਾਨ ਉਨ੍ਹਾਂ ਨੇ ਇਲਾਕਾ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ, ਮੰਗਾਂ ਅਤੇ ਸੁਝਾਵ ਧਿਆਨ ਨਾਲ ਸੁਣੇ ਅਤੇ ਮੌਕੇ ’ਤੇ ਹੀ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਪੱਖੀ ਪ੍ਰਸ਼ਾਸਨ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮਾਂ ਦਾ ਮੁੱਖ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਆਪਣੇ ਇਲਾਕੇ ਵਿੱਚ ਸੁਣ ਕੇ ਉਨ੍ਹਾਂ ਦਾ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਯਕੀਨੀ ਬਣਾਉਣਾ ਹੈ।ਇਸ ਮੌਕੇ ਉਨ੍ਹਾਂ ਨੇ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਅਤੇ ਵਿਕਾਸ ਕਾਰਜਾਂ ਬਾਰੇ ਵੀ ਲੋਕਾਂ ਨੂੰ ਜਾਣੂ ਕਰਵਾਇਆ ਅਤੇ ਉਨ੍ਹਾਂ ਨੂੰ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ। ਇਨ੍ਹਾਂ ਲੋਕ ਮਿਲਣੀ ਪ੍ਰੋਗਰਾਮਾਂ ਵਿੱਚ ਚੇਅਰਮੈਨ ਅਮਰੀਕ ਸਿੰਘ ਸੋਢੀ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪੰਚਾਇਤੀ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

# ਇੱਕ ਨਜ਼ਰ . . .



## ਧੂਰੀ ਵਿਖੇ ਭਾਰਤੀ ਜਨਤਾ ਪਾਰਟੀ ਨੇ ਪੰਜਾਬ ਦੇ ਮੁੱਖ ਮੰਤਰੀ ਦਾ ਪੁਤਲਾ ਸਾੜਿਆ

ਧੂਰੀ, 26 ਜੂਨ (ਰਣਜੀਤ ਸਿੰਘ ਪੇਧਨੀ)–ਭਾਰਤੀ ਜਨਤਾ ਪਾਰਟੀ ਦੇ ਜਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ, ਬੀਜੇਪੀ ਦੇ ਸੀਨੀਅਰ ਆਗੂ ਪ੍ਰੋ ਓਂਕਾਰ ਸਿੰਘ ਸਿੱਧੂ, ਰਣਦੀਪ ਸਿੰਘ ਦਿਓਲ ਅਤੇ ਮੰਡਲ ਪ੍ਰਧਾਨ ਆਸ਼ੀਸ਼ ਗਰਗ ਦੀ ਅਗਵਾਈ ਹੇਠ ਧੂਰੀ ਕੱਕੜਵਾਲ ਚੌਂਕ ਵਿੱਚਸਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕਿਆ ਗਿਆ। ਵੱਖ ਵੱਖ ਆਗੂਆਂ ਨੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਤੇ ਉਹ ਕੰਮਾਂ ਦੀ ਉਲੰਘਣਾ ਕਰਦਿਆਂ ਕਥਿਤ ਵੀਡੀਓ ਵਿੱਚ ਗੁਰੂ ਸਾਹਿਬਾਨਾਂ ਦੀਆਂ ਫੋਟੋਆਂ ਉੱਪਰ ਸਰਾਬ ਦੇ ਸਿੱਟੇ ਮਾਰਨਾ ਸਰਾਸਰ ਗਲਤ ਹੈ। ਜਿਸ ਦੇ ਚਲਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਨੈਤਿਕ ਤੌਰ ਤੇ ਅਸਤੀਫਾ ਦੇਣਾ ਚਾਹੀਦਾ ਹੈ। ਇਸ ਮੌਕੇ ਬੀਜੇਪੀ ਦੇ ਆਗੂ ਪ੍ਰਦੀਪ ਗਰਗ, ਬਿਰਜੇਸਵਰ ਗੋਇਲ, ਭੁਪੇਸ਼ ਜਿੰਦਲ, ਜਗਦੇਵ ਜਿੰਦਲ ਜੱਗਾ, ਕ੍ਰਿਸਨ ਗੋਪਾਲ ਨੀਲੂ ਮਿੱਤਲ, ਯੋਗੀ ਰਾਮ ਸਾਹਨੀ, ਨਰਪਿੰਦਰ ਗੋਰਾ , ਪਰਮਜੀਤ ਸਿੰਘ ਭਿੰਦੀ ਧੂਰੀ, ਕੰਵਲਜੀਤ ਗਰਗ, ਸੁਖਪਾਲ ਸਿੰਘ ਕਾਂਝਲਾ ਬਲਾਕ ਪ੍ਰਧਾਨ, ਗੁਰਦੀਪ ਸਿੰਘ ਸੁਲਤਾਨਪੁਰ ਬਲਾਕ ਪ੍ਰਧਾਨ, ਬਬਲੂ ਧੂਰੀ, ਬਲਕਾਰ ਸਿੰਘ ਬੁਗਰਾ ਹਾਜਰ ਸਨ।

## ਫੂਡ ਕਮਿਸ਼ਨ ਮੈਂਬਰ ਸੇਖੋਂ ਵੱਲੋਂ ਸਰਕਾਰੀ ਰਾਸ਼ਨ ਡਿਪੂਆਂ ਦਾ ਅਚਨਚੇਤ ਨਿਰੀਖਣ

ਧੂਰੀ, 26 ਜੂਨ (ਰਣਜੀਤ ਸਿੰਘ ਪੇਧਨੀ)–ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਵੱਲੋਂ ਨੈਸ਼ਨਲ ਫੂਡ ਸਕਿਉਰਿਟੀ ਐਕਟ, 2013 ਦੇ ਪ੍ਰਭਾਵਸ਼ਾਲੀ ਅਮਲ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਸੰਗਰੂਰ ਦੇ ਪਿੰਡ ਬੁਰਜ ਸੇਢਾ ਅਤੇ ਜੱਖਲਾ ਵਿਖੇ ਸਥਿਤ ਸਰਕਾਰੀ ਰਾਸ਼ਨ ਡਿਪੂਆਂ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਨਿਰੀਖਣ ਦੌਰਾਨ ਡਿਪੂਆਂ ਵਿੱਚ ਪ੍ਰਾਪਤ ਅਨਾਜ ਦੀ ਗੁਣਵੱਤਾ, ਭਾਰ, ਨਮੀ ਦੀ ਮਾਤਰਾ ਅਤੇ ਰਾਸ਼ਨ ਵੰਡ ਪ੍ਰਣਾਲੀ ਨਾਲ ਸਬੰਧਤ ਪ੍ਰਬੰਧਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ ਗਿਆ। ਇਸ ਮੌਕੇ ਅਨਾਜ ਦੀਆਂ ਵੱਖ-ਵੱਖ ਬੋਰੀਆਂ ਨੂੰ ਕੰਡੇ 'ਤੇ ਤੋਲਣ ਦੇ ਨਾਲ-ਨਾਲ ਨਮੀ ਮਾਪਣ ਵਾਲੇ ਮੀਟਰ ਰਾਹੀਂ ਤਕਨੀਕੀ ਜਾਂਚ ਵੀ ਕੀਤੀ ਗਈ। ਜਾਂਚ ਦੌਰਾਨ ਅਨਾਜ ਦੀ ਗੁਣਵੱਤਾ ਅਤੇ ਨਮੀ ਨਾਲ ਸਬੰਧਤ ਕੁਝ ਤਕਨੀਕੀ ਪਹਿਲੂ ਸਾਹਮਣੇ ਆਏ, ਜਿਨ੍ਹਾਂ ਦੇ ਮੱਦੇਨਜ਼ਰ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਲੋੜੀਂਦੀ ਸੁਧਾਰਾਤਮਕ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ। ਇਸ ਤੋਂ ਇਲਾਵਾ ਜਿਨ੍ਹਾਂ ਡਿਪੂਆਂ ਵਿੱਚ ਪੰਜਾਬ ਰਾਜ ਖੁਰਾਕ ਕਮਿਸ਼ਨ ਦਾ ਹੈਲਪਲਾਈਨ ਨੰਬਰ ਅਤੇ ਹੋਰ ਲੋੜੀਂਦੀ ਜਾਣਕਾਰੀ ਪ੍ਰਦਰਸ਼ਿਤ ਨਹੀਂ ਕੀਤੀ ਗਈ ਸੀ, ਉੱਥੇ ਸੂਚਨਾ ਬੋਰਡ ਤੁਰੰਤ ਲਗਾਉਣ ਦੀਆਂ ਹਦਾਇਤਾਂ ਵੀ ਜਾਰੀ ਕੀਤੀਆਂ ਗਈਆਂ। ਮੈਂਬਰ ਜਸਵੀਰ ਸਿੰਘ ਸੇਖੋਂ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਰਾਸ਼ਨ ਡਿਪੂਆਂ ਨੂੰ ਸਪਲਾਈ ਕੀਤਾ ਜਾਣ ਵਾਲਾ ਅਨਾਜ ਨਿਰਧਾਰਿਤ ਗੁਣਵੱਤਾ ਮਾਪਦੰਡਾਂ ਅਨੁਸਾਰ ਹੀ ਹੋਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਅਨਾਜ ਦੀ ਗੁਣਵੱਤਾ, ਭਾਰ ਅਤੇ ਨਮੀ ਦੀ ਨਿਯਮਿਤ ਜਾਂਚ ਕੀਤੀ ਜਾਵੇ ਅਤੇ ਰਾਸ਼ਨ ਵੰਡ ਪ੍ਰਕਿਰਿਆ ਵਿੱਚ ਪੂਰੀ ਪਾਰਦਰਸ਼ਤਾ ਅਤੇ ਜਵਾਬਦੇਹੀ ਬਰਕਰਾਰ ਰੱਖੀ ਜਾਵੇ, ਤਾਂ ਜੋ ਹਰ ਯੋਗ ਲਾਭਪਾਤਰੀ ਨੂੰ ਨਿਰਧਾਰਿਤ ਮਾਤਰਾ ਅਨੁਸਾਰ ਸਮੇਂ ਸਿਰ ਮਿਆਰੀ ਰਾਸ਼ਨ ਮਿਲ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਖੁਰਾਕ ਕਮਿਸ਼ਨ ਵੱਲੋਂ ਸਮੇਂ-ਸਮੇਂ 'ਤੇ ਅਜਿਹੇ ਅਚਨਚੇਤ ਨਿਰੀਖਣ ਜਾਰੀ ਰੱਖੇ ਜਾਣਗੇ।



## ਠਠਿਆਰ ਗੇਟ ਥੱਲੇ ਗੇਟ ਦੀ ਸੁੰਦਰਤਾ ਨੂੰ ਦਾਗਦਾਰ ਤੇ ਰਾਹਗੀਰਾਂ ਲਈ ਪ੍ਰੇਸ਼ਾਨੀ ਦਾ ਕਾਰਣ ਬਣੀ ਟੁੱਟੀ ਹੋਈ ਪੁਲੀ ਦਾ ਕੰਮ ਸ਼ੁਰੂ

ਜੰਡਿਆਲਾ ਗੁਰੂ, 26 ਜੂਨ ( ਕੁਲਵੰਤ ਸਿੰਘ ਵਿਰਦੀ)- ਪਿਛਲੇ ਲੰਬੇ ਸਮੇਂ ਤੋਂ ਠਠਿਆਰ ਗੇਟ ਥੱਲੇ ਗੇਟ ਦੀ ਸੁੰਦਰਤਾ ਨੂੰ ਦਾਗ.ਦਾਰ ਅਤੇ ਰਾਹਗੀਰਾਂ ਲਈ ਪ੍ਰੇਸ਼ਾਨੀ ਦਾ ਕਾਰਣ ਬਣੀ ਟੁੱਟੀ ਹੋਈ ਪੁਲੀ ਦਾ ਕੰਮ ਸ਼ੁਰੂ ਹੋਣ ਤੋਂ ਬਾਅਦ ਇਲਾਕਾ ਨਿਵਾਸੀਆਂ ਵਲੋ ਨਗਰ ਕੌਂਸਲ ਅਧਿਕਾਰੀਆਂ ਦੇ ਨਾਲ ਨਾਲ ਆਮ ਆਦਮੀ ਪਾਰਟੀ ਦੇ ਯੂਥ ਆਗੂ ਐਡਵੋਕੇਟ ਅਮਨਦੀਪ ਸਿੰਘ ਮਲਹੋਤਰਾ ਅਤੇ ਵਿਜੇ ਕੁਮਾਰ ਮੱਟੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸ਼ਹਿਰ ਵਾਸੀ ਉਮੀਦ ਕਰਦੇ ਹਨ ਕਿ ਨਗਰ ਕੌਂਸਲ ਵਲੋਂ ਇਸੇ ਤਰਾਂ ਅਧੂਰੇ ਕੰਮ ਪੂਰੇ ਕੀਤੇ ਜਾਣਗੇ । ਇਥੇ ਇਹ ਦਸਣਯੋਗ ਹੈ ਕਿ ਇਹ ਰਸਤਾ ਵਾਰਡ ਨੰਬਰ 11 ਅਤੇ 12 ਵਿਚ ਆਉਂਦਾ ਹੈ ।ਵਾਰਡ ਨੰਬਰ 11 ਦੀ ਕੌਂਸਲਰ ਸ਼੍ਰੀਮਤੀ ਗੁਰਮੀਤ ਕੌਰ ਦੇ ਪਤੀ ਵਿਜੇ ਕੁਮਾਰ ਮੱਟੀ ਅਤੇ ਵਾਰਡ ਨੰਬਰ 12 ਤੋਂ ਆਪ ਆਗੂ ਅਮਨਦੀਪ ਸਿੰਘ ਮਲਹੋਤਰਾ ਨੇ ਇਕ ਸਾਂਝੇ ਬਿਆਨ ਵਿਚ ਕਿਹਾ ਕਿ ਸਾਡੀ ਵਾਰਡ ਸਾਡਾ ਪਰਿਵਾਰ ਹੈ ਅਤੇ ਓਹਨਾਂ ਦੀ ਹਰ ਇਕ ਮੁਸ਼ਿਕਲ ਨੂੰ ਹੱਲ ਕਰਨਾ ਸਾਡਾ ਫਰਜ਼ ਹੈ । ਬੀਤੇ ਦਿਨੀਂ ਨਗਰ ਕੌਂਸਲ ਵਿੱਚ ਪ੍ਰਧਾਨਗੀ ਦੀ ਚੋਣ ਤੋਂ ਬਾਅਦ ਪ੍ਰਧਾਨ ਸਤਿੰਦਰ ਸਿੰਘ ਅਤੇ ਮੀਤ ਪ੍ਰਧਾਨ ਅਮਨ ਵਿਰਕ ਵੱਲੋਂ ਵੀ ਇਕ ਸਾਂਝੇ ਬਿਆਨ ਰਾਹੀਂ ਕਿਹਾ ਗਿਆ ਸੀ ਕਿ ਪਿਛਲੇ ਸਾਢੇ ਚਾਰ ਸਾਲਾਂ ਵਿਚ ਆਮ ਆਦਮੀ ਪਾਰਟੀ ਵਲੋ ਸ਼ਹਿਰ ਵਿਚ ਵਿਕਾਸ ਦੀ ਹਨੇਰੀ ਲਿਆਂਦੀ ਹੋਈ ਹੈ ਅਤੇ ਜੇ ਕੋਈ ਅਧੂਰੇ ਕੰਮ ਰਹਿ ਗਏ ਹਨ ਤਾਂ ਉਹ ਹੁਣ ਸਾਰੇ ਕੌਂਸਲਰ ਮਿਲਕੇ ਇਸਨੂੰ ਪੂਰਾ ਕਰਨਗੇ ।



# ਤਖਤ ਸ੍ਰੀ ਹਜ਼ੂਰ ਸਾਹਿਬ ਐਕਟ 'ਚ ਸੋਧ ਦੇ ਮਾਮਲੇ 'ਤੇ ਦਿੱਲੀ ਗੁਰਦੁਆਰਾ ਕਮੇਟੀ ਹੋਈ ਸਰਗਰਮ, ਮਹਾਰਾਸ਼ਟਰ ਦੇ ਮੁੱਖ ਮੰਤਰੀ ਤੋਂ ਤੁਰੰਤ ਮੀਟਿੰਗ ਦਾ ਸਮਾਂ ਮੰਗਿਆ

## ਨਵਾਂ ਐਕਟ ਲਿਆਉਣ ਦੀ ਤਜਵੀਜ਼ ਦਾ ਕੀਤਾ ਸਖ਼ਤ ਵਿਰੋਧ

ਨਵੀਂ ਦਿੱਲੀ, 26 ਜੂਨ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਨਾਂਦੇੜ ਸਥਿਤ ਤਖ਼ਤ ਸ੍ਰੀ ਸੱਚਖੰਡ ਹਜ਼ੂਰ ਅਬਚਲਨਗਰ ਸਾਹਿਬ ਬੋਰਡ ਐਕਟ, 1956 ਨੂੰ ਰੱਦ ਕਰਕੇ ਉਸਦੀ ਥਾਂ ਨਵਾਂ ਐਕਟ ਲਿਆਉਣ ਦੀ ਤਜਵੀਜ਼ ਦਾ ਸਖ਼ਤ ਵਿਰੋਧ ਕੀਤਾ ਹੈ। ਇਸ ਸਬੰਧੀ ਉਨ੍ਹਾਂ ਨੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਸ੍ਰੀ ਦੇਵੇਂਦਰ ਫੜਨਵੀਸ ਨੂੰ ਪੱਤਰ ਲਿਖ ਕੇ ਤੁਰੰਤ ਮੁਲਾਕਾਤ ਲਈ ਸਮਾਂ ਮੰਗਿਆ ਹੈ। ਮੀਡੀਆ ਨਾਲ ਗੱਲਬਾਤ ਕਰਦਿਆਂ ਸਰਦਾਰ ਕਾਲਕਾ ਨੇ ਕਿਹਾ ਕਿ ਮਹਾਰਾਸ਼ਟਰ ਸਰਕਾਰ ਵੱਲੋਂ ਸਿੱਖ ਕੌਮ ਦੀਆਂ ਚੁਣੀਆਂ ਹੋਈਆਂ ਨੁਮਾਇੰਦਾ ਸੰਸਥਾਵਾਂ, ਜਿਨ੍ਹਾਂ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹੋਰ ਪੰਥਕ ਜਥੇਬੰਦੀਆਂ ਸ਼ਾਮਲ ਹਨ, ਨਾਲ ਕੋਈ ਸਲਾਹ-ਮਸ਼ਵਰਾ ਕੀਤੇ ਬਿਨਾਂ ਨਵਾਂ ਐਕਟ ਲਿਆਉਣ ਦੀ ਤਜਵੀਜ਼ ਉਲੀਕੇ ਜਾਣ ਕਾਰਨ ਸਿੱਖ ਭਾਈਚਾਰੇ ਵਿੱਚ ਡੂੰਘਾ ਰੋਸ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਤਖ਼ਤ ਸਾਹਿਬ ਤੋਂ ਪਾਸ ਹੋਏ ਗੁਰਮਤੇ ਦੀ ਦਿੱਲੀ ਕਮੇਟੀ ਪੂਰੀ ਦ੍ਰਿੜਤਾ ਨਾਲ ਹਮਾਇਤ ਕਰਦੀ ਹੈ ਅਤੇ ਸਿੱਖ ਗੁਰਧਾਮਾਂ ਦੇ ਪ੍ਰਬੰਧ ਵਿੱਚ ਕਿਸੇ ਵੀ ਤਰ੍ਹਾਂ ਦੀ ਦਖ਼ਲਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਲਈ ਐਕਟ ਵਿੱਚ ਸੋਧ ਕਰਨੀ ਲਾਜ਼ਮੀ ਹੈ ਤਾਂ ਸਭ ਤੋਂ ਪਹਿਲਾਂ ਸਿੱਖ ਕੌਮ ਦੀਆਂ ਨੁਮਾਇੰਦਾ ਸੰਸਥਾਵਾਂ ਅਤੇ ਜਥੇਬੰਦੀਆਂ ਦੇ ਪ੍ਰਤੀਨਿਧਾਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਜਾਵੇ ਅਤੇ ਉਸ ਤੋਂ ਬਾਅਦ ਹੀ ਕੋਈ ਫ਼ੈਸਲਾ ਲਿਆ ਜਾਵੇ। ਉਨ੍ਹਾਂ ਅੰਤ ਵਿੱਚ ਕਿਹਾ ਕਿ ਇਹ ਸਿੱਖ ਕੌਮ ਲਈ ਬਹੁਤ ਮਹੱਤਵਪੂਰਨ ਮਸਲਾ ਹੈ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਤਖ਼ਤ ਸਾਹਿਬ ਦੇ ਗੁਰਮਤੇ ਅਤੇ ਕੌਮ ਦੇ ਹੱਕਾਂ ਦੀ ਰੱਖਿਆ ਲਈ ਹਮੇਸ਼ਾ ਡਟ ਕੇ ਖੜ੍ਹੀ ਰਹੇਗੀ।



# ਵਿਦੇਸ਼ ਤੋਂ ਪੰਜਾਬ ਪਰਤ ਕਿ ਸ੍ਰ: ਵਿਰਕ ਦਾ ਸਿਆਸਤ ਦੀਆਂ ਬੁਲੰਦੀਆਂ ਤੱਕ ਪਹੁੰਚਣਾ ਨੌਜਵਾਨਾਂ ਲਈ ਇੱਕ ਵੱਡੀ ਮਿਸਾਲ ਬਣਿਆ

## ਸਾਧਾਰਨ ਘਰੋਂ ਉੱਠ ਕੇ ਆਸਟਰੇਲੀਆ ਸੈਟਲ ਹੋਣ ਤੋਂ ਬਾਅਦ ਜੰਡਿਆਲਾ ਗੁਰੂ ਦੇ ਵਾਈਸ ਪ੍ਰਧਾਨ ਬਣੇ ਅਮਨਦੀਪ ਸਿੰਘ ਵਿਰਕ

ਜੰਡਿਆਲਾ ਗੁਰੂ 26 ਜੂਨ ( ਕੁਲਵੰਤ ਸਿੰਘ ਵਿਰਦੀ ) ਮਿਹਨਤ, ਦ੍ਰਿੜ੍ਹਤਾ ਅਤੇ ਲੋਕ ਸੇਵਾ ਦੇ ਜਜ਼ਬੇ ਸਦਕਾ ਅੱਜ ਦੇ ਦੌਰ ਵਿੱਚ ਕੁਝ ਵੀ ਹਾਸਲ ਕੀਤਾ ਜਾ ਸਕਦਾ ਹੈ। ਇਸ ਦੀ ਤਾਜ਼ਾ ਮਿਸਾਲ ਜੰਡਿਆਲਾ ਗੁਰੂ ਦੇ ਨੌਜਵਾਨ ਆਗੂ ਅਮਨਦੀਪ ਸਿੰਘ ਵਿਰਕ ਨੇ ਪੇਸ਼ ਕੀਤੀ ਹੈ। ਨਗਰ ਕੌਂਸਲ ਜੰਡਿਆਲਾ ਗੁਰੂ ਦੇ ਜਨਰਲ ਵਾਰਡ ਨੰਬਰ 15 ਤੋਂ ਕੌਂਸਲਰ ($3) ਚੁਣੇ ਗਏ ਅਮਨਦੀਪ ਸਿੰਘ ਵਿਰਕ ਨੂੰ ਸਰਬਸੰਮਤੀ ਨਾਲ ਨਗਰ ਕੌਂਸਲ ਦਾ ਮੀਤ ਪ੍ਰਧਾਨ (ਵਾਈਸ ਪ੍ਰਧਾਨ) ਚੁਣ ਲਿਆ ਗਿਆ ਹੈ। ਅਮਨਦੀਪ ਸਿੰਘ ਵਿਰਕ ਦਾ ਜੀਵਨ ਸਫ਼ਰ ਬਹੁਤ ਹੀ ਪ੍ਰੇਰਨਾਦਾਇਕ ਰਿਹਾ ਹੈ। ਉਹ ਇੱਕ ਬੇਹੱਦ ਆਮ ਅਤੇ ਸਾਧਾਰਨ ਪਰਿਵਾਰ ਨਾਲ ਸਬੰਧ ਰੱਖਦੇ ਹਨ। ਹਰ ਪੰਜਾਬੀ ਨੌਜਵਾਨ ਵਾਂਗ, ਜ਼ਿੰਦਗੀ ਵਿੱਚ ਕੁਝ ਵੱਡਾ ਕਰਨ ਅਤੇ ਪਰਿਵਾਰ ਨੂੰ ਆਰਥਿਕ ਮਜ਼ਬੂਤੀ ਦੇਣ ਦੇ ਸੁਪਨੇ ਨਾਲ ਉਨ੍ਹਾਂ ਨੇ ਬਾਹਰਲੇ ਦੇਸ਼ ਆਸਟਰੇਲੀਆ ਦਾ ਰੁਖ਼ ਕੀਤਾ। ਵਿਦੇਸ਼ ਦੀ ਧਰਤੀ 'ਤੇ ਸਖ਼ਤ ਮਿਹਨਤ ਅਤੇ ਸੰਘਰਸ਼ ਕਰਦਿਆਂ ਉਨ੍ਹਾਂ ਨੇ ਆਪਣੀ ਇੱਕ ਵੱਖਰੀ ਪਛਾਣ ਬਣਾਈ ਵਿਦੇਸ਼ ਵਿੱਚ ਸਫ਼ਲਤਾ ਹਾਸਲ ਕਰਨ ਦੇ ਬਾਵਜੂਦ, ਉਨ੍ਹਾਂ ਦਾ ਦਿਲ ਹਮੇਸ਼ਾ ਆਪਣੇ ਪਿੰਡ-ਸ਼ਹਿਰ ਅਤੇ ਲੋਕਾਂ ਲਈ ਧੜਕਦਾ ਰਿਹਾ। ਉਹ ਆਪਣੀ ਮਿੱਟੀ ਦੀ ਸੇਵਾ ਕਰਨ ਦੇ ਮਕਸਦ ਨਾਲ ਵਾਪਸ ਪਰਤੇ। ਉਨ੍ਹਾਂ ਨੇ ਆਮ ਆਦਮੀ ਪਾਰਟੀ ਰਾਹੀਂ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਸਰਦਾਰ ਹਰਭਜਨ ਸਿੰਘ ਈ.ਟੀ.ਓ. ਦੀ ਅਗਵਾਈ ਹੇਠ ਸਿਆਸਤ ਵਿੱਚ ਕਦਮ ਰੱਖਿਆ। ਹਾਲ ਹੀ ਵਿੱਚ ਹੋਈਆਂ ਨਗਰ ਕੌਂਸਲ ਚੋਣਾਂ ਦੌਰਾਨ ਪਾਰਟੀ ਨੇ ਉਨ੍ਹਾਂ ਨੂੰ ਵਾਰਡ ਨੰਬਰ 15 ਤੋਂ ਉਮੀਦਵਾਰ ਬਣਾਇਆ। ਆਪਣੀ ਨਿਮਰਤਾ ਅਤੇ ਸਾਫ਼ ਅਕਸ ਸਦਕਾ ਉਨ੍ਹਾਂ ਨੇ ਸ਼ਾਨਦਾਰ ਜਿੱਤ ਦਰਜ ਕੀਤੀ ਅਤੇ ਐਮ.ਸੀ. ਬਣੇ ਅਮਨਦੀਪ ਸਿੰਘ ਵਿਰਕ ਦੀ ਮਿਹਨਤ ਅਤੇ ਵਾਰਡ ਪ੍ਰਤੀ ਵਫ਼ਾਦਾਰੀ ਨੂੰ ਦੇਖਦੇ ਹੋਏ, ਨਗਰ ਕੌਂਸਲ ਦੀ ਮੀਟਿੰਗ ਵਿੱਚ ਸਾਰੇ ਕੌਂਸਲਰਾਂ ਦੀ ਸਹਿਮਤੀ ਨਾਲ ਉਨ੍ਹਾਂ ਨੂੰ ਵਾਈਸ ਪ੍ਰਧਾਨ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ। ਇਸ ਦੇ ਨਾਲ ਹੀ ਸਰਦਾਰ ਸਤਿੰਦਰ ਸਿੰਘ ਨੂੰ ਨਗਰ ਕੌਂਸਲ ਦਾ ਪ੍ਰਧਾਨ ਚੁਣਿਆ ਗਿਆ ਹੈ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਵਾਈਸ ਪ੍ਰਧਾਨ ਅਮਨਦੀਪ ਸਿੰਘ ਵਿਰਕ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਅਤੇ ਸਮੂਹ ਸ਼ਹਿਰ ਵਾਸੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਭਾਵੁਕ ਹੁੰਦਿਆਂ ਕਿਹਾ÷ਮੈਂ ਇੱਕ ਬਹੁਤ ਹੀ ਸਾਧਾਰਨ ਘਰੋਂ ਉੱਠ ਕੇ ਇੱਥੋਂ ਤੱਕ ਪਹੁੰਚਿਆ ਹਾਂ। ਪਾਰਟੀ ਅਤੇ ਜੰਡਿਆਲਾ ਗੁਰੂ ਦੇ ਲੋਕਾਂ ਨੇ ਜੋ ਮਾਣ ਮੈਨੂੰ ਬਖ਼ਸ਼ਿਆ ਹੈ, ਮੈਂ ਉਸ 'ਤੇ ਪੂਰਾ ਉਤਰਾਂਗਾ। ਅਸੀਂ ਪੂਰੀ ਤਨਦੇਹੀ ਨਾਲ ਕੰਮ ਕਰਾਂਗੇ ਅਤੇ ਸ਼ਹਿਰ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਛੱਡਾਂਗੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਵੀ ਨਵੀਂ ਚੁਣੀ ਗਈ ਟੀਮ ਨੂੰ ਵਧਾਈ ਦਿੱਤੀ ਅਤੇ ਉਮੀਦ ਜਤਾਈ ਕਿ ਇਹ ਨਵੀਂ ਨੌਜਵਾਨ ਲੀਡਰਸ਼ਿਪ ਜੰਡਿਆਲਾ ਗੁਰੂ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰੇਗੀ। ਇੱਕ ਆਮ ਘਰ ਦੇ ਮੁੰਡੇ ਦਾ ਆਸਟਰੇਲੀਆ ਦੀਆਂ ਸੜਕਾਂ ਤੋਂ ਲੈ ਕੇ ਜੰਡਿਆਲਾ ਗੁਰੂ ਦੀ ਨਗਰ ਕੌਂਸਲ ਦੀ ਵਾਈਸ ਪ੍ਰਧਾਨਗੀ ਤੱਕ ਦਾ ਇਹ ਸਫ਼ਰ ਹਰ ਉਸ ਨੌਜਵਾਨ ਲਈ ਪ੍ਰੇਰਨਾ ਹੈ, ਜੋ ਮਿਹਨਤ ਦੇ ਦਮ 'ਤੇ ਅੱਗੇ ਵਧਣਾ ਚਾਹੁੰਦਾ ਹੈ।



# ਕੈਨੇਡੀਅਨ ਸਿੱਖਾਂ ਵਲੋਂ ਸੀਐਸਆਈਐਸ ਵੱਲੋਂ ਏਅਰ ਇੰਡੀਆ ਫਲਾਈਟ 182 ਮਾਮਲੇ ਸਬੰਧੀ ਜਾਰੀ ਕੀਤੇ ਬਿਆਨ ਨੂੰ ਚੁਣੌਤੀ ਕਿਹਾ ਸਬੂਤ ਦਿਓ ਜਾਂ ਪੋਸਟ ਹਟਾਓ



ਨਵੀਂ ਦਿੱਲੀ 26 ਜੂਨ (ਮਨਪ੍ਰੀਤ ਸਿੰਘ ਖਾਲਸਾ):- ਕੈਨੇਡੀਅਨ ਸਿੱਖਾਂ ਦੇ ਨਾਲ ਐਸਐਫਜੇ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਕੈਨੇਡਾ ਦੀ ਖੁਫੀਆ ਏਜੰਸੀ ਸੀਐਸਆਈਐਸ ਵੱਲੋਂ ਏਅਰ ਇੰਡੀਆ ਫਲਾਈਟ 182 ਮਾਮਲੇ ਸਬੰਧੀ ਜਾਰੀ ਕੀਤੇ ਬਿਆਨ ਨੂੰ ਸਖ਼ਤ ਸ਼ਬਦਾਂ ਵਿੱਚ ਚੁਣੌਤੀ ਦਿੰਦਿਆਂ "ਸਬੂਤ ਦਿਓ ਜਾਂ ਪੋਸਟ ਹਟਾਓ" ਦਾ ਅਲਟੀਮੇਟਮ ਜਾਰੀ ਕੀਤਾ ਹੈ। ਓਨ੍ਹਾ ਦਾ ਦਾਅਵਾ ਹੈ ਕਿ ਸੀਐਸਆਈਐਸ ਵੱਲੋਂ "ਕੈਨੇਡਾ ਅਧਾਰਿਤ ਖਾਲਿਸਤਾਨੀ ਕੱਟੜਪੰਥੀਆਂ" ਨੂੰ ਧਮਾਕੇ ਲਈ ਜ਼ਿੰਮੇਵਾਰ ਠਹਿਰਾਉਣਾ ਇਕਪੱਖੀ ਅਤੇ ਸਿੱਖਾਂ ਨੂੰ ਬਦਨਾਮ ਕਰਨ ਵਾਲਾ ਨੈਰੇਟਿਵ ਹੈ। ਉਨ੍ਹਾਂ ਕਿਹਾ ਕਿ ਜੇ ਏਜੰਸੀ ਕੋਲ ਆਪਣੇ ਦਾਅਵਿਆਂ ਦੇ ਸਮਰਥਨ ਵਿੱਚ ਗੈਰ-ਸੰਪਾਦਿਤ ਅਤੇ ਨਿਆਂਇਕ ਤੌਰ 'ਤੇ ਪਰਖੇ ਹੋਏ ਸਬੂਤ ਹਨ ਤਾਂ ਉਹ ਜਨਤਕ ਕੀਤੇ ਜਾਣ, ਨਹੀਂ ਤਾਂ ਇਹ ਪੋਸਟ ਤੁਰੰਤ ਹਟਾਈ ਜਾਵੇ। ਇਸ ਮਾਮਲੇ 'ਤੇ ਪੰਨੂ ਨੇ ਦੋਸ਼ ਲਗਾਇਆ ਕਿ ਸੀਐਸਆਈਐਸ ਭਾਰਤ ਦੇ ਸਰਕਾਰੀ ਪੱਖ ਨੂੰ ਦੁਹਰਾ ਕੇ ਸਿੱਖਾਂ ਦੇ ਸਵੈ-ਨਿਰਣੇ ਦੇ ਅਧਿਕਾਰ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਇਸ ਦੌਰਾਨ ਐਸਐਫਜੇ ਨਾਲ ਸੰਬੰਧਤ ਕੈਨੇਡੀਅਨ ਸਿੱਖ ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਗੁਰਮੀਤ ਸਿੰਘ ਤੂਰ ਅਤੇ ਭਾਈ ਮਨਜਿੰਦਰ ਸਿੰਘ ਨੇ ਵੀ ਪੰਨੂ ਦੇ ਰੁਖ ਦਾ ਸਮਰਥਨ ਕਰਦਿਆਂ ਕਿਹਾ ਕਿ ਜੇ ਸੀਐਸਆਈਐਸ ਆਪਣੇ ਦਾਅਵਿਆਂ ਨੂੰ ਸਬੂਤਾਂ ਨਾਲ ਸਾਬਤ ਨਹੀਂ ਕਰ ਸਕਦੀ ਤਾਂ ਉਸ ਨੂੰ ਆਪਣਾ ਬਿਆਨ ਵਾਪਸ ਲੈਣਾ ਚਾਹੀਦਾ ਹੈ ਅਤੇ ਜਨਤਕ ਤੌਰ 'ਤੇ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ। ਇਸ ਮੌਕੇ ਐਸਐਫਜੇ ਆਗੂਆਂ ਨੇ ਇਹ ਵੀ ਦਾਅਵਾ ਕੀਤਾ ਕਿ ਏਅਰ ਇੰਡੀਆ ਫਲਾਈਟ 182 ਮਾਮਲੇ ਨਾਲ ਸਬੰਧਤ ਕਈ ਦਸਤਾਵੇਜ਼ ਅਜੇ ਵੀ ਪੂਰੀ ਤਰ੍ਹਾਂ ਜਨਤਕ ਨਹੀਂ ਕੀਤੇ ਗਏ, ਜਿਸ ਕਾਰਨ ਇਸ ਮਾਮਲੇ ਨੂੰ ਲੈ ਕੇ ਸਵਾਲ ਅਤੇ ਵਿਵਾਦ ਬਰਕਰਾਰ ਹਨ। ਉਨ੍ਹਾਂ ਕਿਹਾ ਕਿ ਜੇਕਰ ਸੀਐਸਆਈਐਸ ਆਪਣੇ ਦਾਅਵਿਆਂ ਨੂੰ ਅੰਤਿਮ ਸੱਚ ਵਜੋਂ ਪੇਸ਼ ਕਰਦੀ ਹੈ ਤਾਂ ਉਸ ਨੂੰ ਉਨ੍ਹਾਂ ਦੇ ਸਮਰਥਨ ਵਿੱਚ ਸਾਰੇ ਸੰਬੰਧਿਤ ਸਬੂਤ ਅਤੇ ਦਸਤਾਵੇਜ਼ ਵੀ ਜਨਤਕ ਕਰਨੇ ਚਾਹੀਦੇ ਹਨ, ਨਹੀਂ ਤਾਂ ਅਜਿਹੇ ਬਿਆਨ ਸਿੱਖ ਭਾਈਚਾਰੇ ਨੂੰ ਨਿਸ਼ਾਨਾ ਬਣਾਉਣ ਵਾਲੇ ਅਤੇ ਪੱਖਪਾਤੀ ਮੰਨੇ ਜਾਣਗੇ।

## ਇੱਕ ਨਜ਼ਰ ...



### ਸ਼ਹੀਦ ਊਧਮ ਸਿੰਘ ਸਕਿੱਲ ਐਂਡ ਇੰਟਰਪ੍ਰੀਨਿਓਰਸ਼ਿਪ ਯੂਨੀਵਰਸਿਟੀ ਦਾ ਐਕਟ ਪਾਸ ਕਰਨ ਲਈ 31 ਜੁਲਾਈ ਨੂੰ ਵਿਸ਼ੇਸ਼ ਵਿਧਾਨ ਸਭਾ ਸੈਸ਼ਨ ਬੁਲਾਉਣ ਦੀ ਮੰਗ

### ਕੰਬੋਜ ਫਾਊਂਡੇਸ਼ਨ ਦੇ ਉੱਚ ਪੱਧਰੀ ਵਫ਼ਦ ਨੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੂੰ ਸੌਂਪਿਆ ਮੰਗ ਪੱਤਰ

ਜੰਡਿਆਲਾ ਗੁਰੂ, 26 ਜੂਨ (ਕੁਲਵੰਤ ਸਿੰਘ ਵਿਰਦੀ ):ਕੌਮੀ ਅਣਖ ਦੇ ਪ੍ਰਤੀਕ ਸ਼ਹੀਦ ਊਧਮ ਸਿੰਘ ਜੀ ਦੀ ਪਵਿੱਤਰ ਯਾਦ ਨੂੰ ਸਮਰਪਿਤ ਕੰਬੋਜ ਭਾਈਚਾਰੇ ਵੱਲੋਂ ਜ਼ਿਲ੍ਹਾ ਕਪੂਰਥਲਾ ਦੇ ਸੁਭਾਨਪੁਰ ਵਿਖੇ ਇੱਕ ਨਿਵੇਕਲੀ ਅਤੇ ਅੰਤਰਰਾਸ਼ਟਰੀ ਪੱਧਰ ਦੀ 'ਊਧਮ ਸਿੰਘ ਸ਼ਹੀਦ ਸਕਿੱਲ ਐਂਡ ਇੰਟਰਪ੍ਰੀਨਿਓਰਸ਼ਿਪ ਯੂਨੀਵਰਸਿਟੀ' ਸਥਾਪਿਤ ਕੀਤੀ ਜਾ ਰਹੀ ਹੈ। ਇਸ ਮਹਾਨ ਪ੍ਰੋਜੈਕਟ ਨੂੰ ਕਾਨੂੰਨੀ ਅਮਲ ਵਿੱਚ ਲਿਆਉਣ ਅਤੇ ਯੂਨੀਵਰਸਿਟੀ ਐਕਟ 2026 ਪਾਸ ਕਰਨ ਲਈ ਸ਼ਹੀਦ ਦੇ ਸ਼ਹਾਦਤ ਦਿਵਸ (31 ਜੁਲਾਈ 2026) ਮੌਕੇ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਸਦਨ ਬੁਲਾਉਣ ਦੀ ਮੰਗ ਕੀਤੀ ਗਈ ਹੈ।ਇਸ ਸਬੰਧ ਵਿੱਚ ਕੰਬੋਜ ਫਾਊਂਡੇਸ਼ਨ ਦੇ ਚੇਅਰਮੈਨ ਡਾ. ਮੰਗਲ ਸਿੰਘ ਕਿਸ਼ਨਪੁਰੀ ਦੀ ਅਗਵਾਈ ਹੇਠ ਇੱਕ ਉੱਚ ਪੱਧਰੀ ਵਫ਼ਦ ਨੇ ਅੱਜ ਕੈਬਨਿਟ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਇੱਕ ਵਿਸ਼ੇਸ਼ ਮੰਗ ਪੱਤਰ ਸੌਂਪਿਆ।ਫਾਊਂਡਰ ਚਾਂਸਲਰ ਡਾ. ਸੰਦੀਪ ਸਿੰਘ ਕੌੜਾ ਦੀ ਅਗਵਾਈ ਹੇਠ ਸ਼ੁਰੂ ਹੋਵੇਗਾ ਪਹਿਲਾ ਸੈਸ਼ਨ ਦੱਸਣਯੋਗ ਹੈ ਕਿ ਇਹ ਅੰਤਰਰਾਸ਼ਟਰੀ ਪੱਧਰ ਦੀ ਯੂਨੀਵਰਸਿਟੀ ਫਾਊਂਡਰ ਚਾਂਸਲਰ ਡਾਕਟਰ ਸੰਦੀਪ ਸਿੰਘ ਕੌੜਾ ਦੀ ਯੋਗ ਅਤੇ ਕੁਸ਼ਲ ਅਗਵਾਈ ਹੇਠ ਆਪਣਾ ਪਹਿਲਾ ਵਿਦਿਅਕ ਵਰ੍ਹਾ ਸ਼ੁਰੂ ਕਰਨ ਜਾ ਰਹੀ ਹੈ। ਇਹ ਯੂਨੀਵਰਸਿਟੀ ਇਲਾਕੇ ਦੇ ਨੌਜਵਾਨਾਂ ਨੂੰ ਹੁਨਰਮੰਦ ਬਣਾਉਣ ਅਤੇ ਉਦਯੋਗਿਕ ਖੇਤਰ ਵਿੱਚ ਨਵੇਂ ਰਾਹ ਖੋਲ੍ਹਣ ਲਈ ਮੀਲ ਦਾ ਪੱਥਰ ਸਾਬਤ ਹੋਵੇਗੀ। ਮੰਤਰੀ ਸਾਹਿਬ ਵੱਲੋਂ ਪੂਰਨ ਸਹਿਯੋਗ ਦਾ ਭਰੋਸਾ ਕੈਬਨਿਟ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਵਫ਼ਦ ਵੱਲੋਂ ਲਿਆਂਦੇ ਇਸ ਨਿਵੇਕਲੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਬੜੀ ਖ਼ੁਸ਼ੀ ਨਾਲ ਮੰਗ ਪੱਤਰ ਪ੍ਰਾਪਤ ਕੀਤਾ। ਉਨ੍ਹਾਂ ਭਾਈਚਾਰੇ ਨੂੰ ਇਸ ਨੇਕ ਕਾਰਜ ਲਈ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ ਅਤੇ ਮਾਮਲੇ ਦੀ ਅਹਿਮੀਅਤ ਨੂੰ ਦੇਖਦਿਆਂ ਤੁਰੰਤ ਇਸ ਮੰਗ ਪੱਤਰ ਨੂੰ ਮਾਨਯੋਗ ਮੁੱਖ ਮੰਤਰੀ ਪੰਜਾਬ ਵੱਲ ਰੈਫ਼ਰ (ਭੇਜ) ਕਰ ਦਿੱਤਾ। ਇਹ ਪਤਵੰਤੇ ਸੱਜਣ ਰਹੇ ਹਾਜ਼ਰ ਇਸ ਮੁਲਾਕਾਤ ਦੌਰਾਨ ਵਫ਼ਦ ਵਿੱਚ ਸ਼ਾਮਲ ਪ੍ਰਮੁੱਖ ਸ਼ਖ਼ਸੀਅਤਾਂ ਜਿਨ੍ਹਾਂ ਵਿੱਚ ਸ. ਸਵਿੰਦਰ ਸਿੰਘ ਚਾਂਦੀ, ਐਮ.ਸੀ. ਮਨਦੇਪ ਸਿੰਘ ਧੋਤ, ਸ. ਅਮਰ ਸਿੰਘ, ਜੁਆਇੰਟ ਕੈਸ਼ੀਅਰ ਅਰਸ਼ਦੀਪ ਸਿੰਘ ਸਮੇਤ ਕੰਬੋਜ ਫਾਊਂਡੇਸ਼ਨ ਦੇ ਹੋਰ ਕਈ ਸੀਨੀਅਰ ਆਗੂ ਅਤੇ ਪਤਵੰਤੇ ਸੱਜਣ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

### ਤਖਤ ਹਜ਼ੂਰ ਸਾਹਿਬ ਬੋਰਡ ਐਕਟ 'ਚ ਸੋਧਾਂ ਖ਼ਿਲਾਫ਼ ਵਧਿਆ ਪੰਥ ਅੰਦਰ ਰੋਸ, ਅੱਜ ਹਜ਼ੂਰ ਸਾਹਿਬ, ਕੱਲ੍ਹ ਕਿਸ ਦੀ ਵਾਰੀ ?: ਬੀਬੀ ਰਣਜੀਤ ਕੌਰ

ਨਵੀਂ ਦਿੱਲੀ 26 ਜੂਨ (ਮਨਪ੍ਰੀਤ ਸਿੰਘ ਖਾਲਸਾ): ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਬੋਰਡ ਐਕਟ 1956



ਵਿੱਚ ਸੰਭਾਵਿਤ ਸੋਧਾਂ ਨੂੰ ਲੈ ਕੇ ਸਿੱਖ ਪੰਥ ਵਿੱਚ ਵੱਡਾ ਰੋਸ ਪੈਦਾ ਹੋ ਗਿਆ ਹੈ। ਇਸ ਮਾਮਲੇ 'ਤੇ ਦਿੱਲੀ ਕਮੇਟੀ ਦੀ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਸਦੀਆਂ ਤੋਂ ਚੱਲਦੀ ਆ ਰਹੀ ਤਖ਼ਤਾਂ ਦੀ ਮਰਯਾਦਾ, ਰਵਾਇਤਾਂ ਅਤੇ ਧਾਰਮਿਕ ਖ਼ੁਦਮੁਖਤਿਆਰੀ ਵਿੱਚ ਕਿਸੇ ਵੀ ਤਰ੍ਹਾਂ ਦੀ ਦਖ਼ਲਅੰਦਾਜ਼ੀ ਕਦੇ ਵੀ ਮਨਜ਼ੂਰ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ "ਤਖ਼ਤਾਂ ਦੀ ਆਜ਼ਾਦੀ, ਪੰਥ ਦੀ ਜ਼ਿੰਮੇਵਾਰੀ" ਹੈ ਅਤੇ ਜੇਕਰ ਤਖਤ ਸ਼੍ਰੀ ਹਜ਼ੂਰ ਸਾਹਿਬ ਵਰਗੇ ਮਹਾਨ ਤਖ਼ਤ ਦੇ ਪ੍ਰਬੰਧ 'ਤੇ ਬਾਹਰੀ ਦਖ਼ਲ ਦਾ ਰਾਹ ਖੋਲ੍ਹਿਆ ਗਿਆ ਤਾਂ ਇਹ ਪੰਥਕ ਅਧਿਕਾਰਾਂ ਅਤੇ ਸਿੱਖ ਭਾਵਨਾਵਾਂ 'ਤੇ ਸਿੱਧਾ ਹਮਲਾ ਮੰਨਿਆ ਜਾਵੇਗਾ। ਬੀਬੀ ਰਣਜੀਤ ਕੌਰ ਨੇ ਚੇਤਾਵਨੀ ਦਿੱਤੀ ਕਿ "ਅੱਜ ਹਜ਼ੂਰ ਸਾਹਿਬ ਕੱਲ੍ਹ ਕਿਸ ਦੀ ਵਾਰੀ ?" ਉਨ੍ਹਾਂ ਕਿਹਾ ਕਿ ਪੰਥ ਦੇ ਫ਼ੈਸਲੇ ਪੰਥ ਦੇ ਹੱਥ ਰਹਿਣੇ ਚਾਹੀਦੇ ਹਨ ਅਤੇ ਧਾਰਮਿਕ ਅਦਾਰਿਆਂ 'ਤੇ ਕਿਸੇ ਵੀ ਸਿਆਸੀ ਜਾਂ ਬਾਹਰੀ ਕਬਜ਼ੇ ਨੂੰ ਸਿੱਖ ਕੌਮ ਕਦੇ ਬਰਦਾਸ਼ਤ ਨਹੀਂ ਕਰੇਗੀ। ਉਨ੍ਹਾਂ ਸਪਸ਼ਟ ਕੀਤਾ ਕਿ ਗੁਰੂ ਦੇ ਘਰ ਦਾ ਪ੍ਰਬੰਧ ਗੁਰੂ ਦੇ ਸਿੱਖਾਂ ਕੋਲ ਹੀ ਰਹੇ ਅਤੇ ਤਖਤ ਸ਼੍ਰੀ ਹਜ਼ੂਰ ਸਾਹਿਬ ਦੀ ਮਰਯਾਦਾ, ਪਰੰਪਰਾ ਅਤੇ ਖ਼ੁਦਮੁਖਤਿਆਰੀ ਨਾਲ ਖੇਡਣ ਦੀ ਹਰ ਕੋਸ਼ਿਸ਼ ਦਾ ਪੰਥਕ ਪੱਧਰ 'ਤੇ ਡਟ ਕੇ ਵਿਰੋਧ ਕੀਤਾ ਜਾਵੇਗਾ।

### 350ਵੇਂ ਸ਼ਹੀਦੀ ਦਿਹਾੜੇ ਨੂੰ ਵਿਸ਼ਵ ਪੱਧਰ 'ਤੇ ਮਨਾਉਣ ਲਈ ਦਿੱਲੀ ਕਮੇਟੀ ਵੱਲੋਂ ਵਿਸ਼ਾਲ ਉਪਰਾਲੇ : ਹਰਮੀਤ ਸਿੰਘ ਕਾਲਕਾ

ਨਵੀਂ ਦਿੱਲੀ 26 ਜੂਨ (ਆਵਾਜ਼ਿ ਕੌਮ ਬਿਊਰੋ)- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਦੇ ਨਾਲ ਧਰਮ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਅਦੁੱਤੀ ਸ਼ਹਾਦਤ ਦੇਣ ਵਾਲੇ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਨੂੰ ਉੱਚ ਪੱਧਰ 'ਤੇ ਮਨਾਉਣ ਲਈ ਅੱਜ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਫ਼ਤਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ ਗਈ।ਇਸ ਮੀਟਿੰਗ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ, ਕਮੇਟੀ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਸ਼ਾਮਲ ਹੋਏ। ਇਸ ਦੌਰਾਨ ਸ਼ਹੀਦੀ ਦਿਹਾੜੇ ਨਾਲ ਸੰਬੰਧਤ ਹੋਣ ਵਾਲੇ ਧਾਰਮਿਕ, ਇਤਿਹਾਸਕ ਅਤੇ ਜਾਗਰੂਕਤਾ ਭਰਪੂਰ ਪ੍ਰੋਗਰਾਮਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਸੰਗਤਾਂ ਵੱਲੋਂ ਦਿੱਤੇ ਗਏ ਕੀਮਤੀ ਸੁਝਾਵਾਂ ਨੂੰ ਵੀ ਗੰਭੀਰਤਾ ਨਾਲ ਸੁਣਿਆ ਗਿਆ। ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਵਿਸ਼ਵ ਇਤਿਹਾਸ ਵਿੱਚ ਧਾਰਮਿਕ ਆਜ਼ਾਦੀ, ਮਨੁੱਖੀ ਅਧਿਕਾਰਾਂ ਅਤੇ ਸਰਬ ਸਾਂਝੀਵਾਲਤਾ ਦੀ ਸਭ ਤੋਂ ਮਹਾਨ ਮਿਸਾਲ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਅਤੇ ਉਨ੍ਹਾਂ ਦੇ ਮਹਾਨ ਸਾਥੀਆਂ ਦੀ ਕੁਰਬਾਨੀ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ ਹੈ, ਜਿਸ ਲਈ ਦਿੱਲੀ ਕਮੇਟੀ ਵੱਲੋਂ ਵਿਸ਼ੇਸ਼ ਧਾਰਮਿਕ ਸਮਾਗਮਾਂ, ਗੁਰਮਤਿ ਸਮਾਗਮਾਂ, ਇਤਿਹਾਸਕ ਪ੍ਰਦਰਸ਼ਨੀਆਂ, ਸੈਮੀਨਾਰਾਂ ਅਤੇ ਜਾਗਰੂਕਤਾ ਮੁਹਿੰਮਾਂ ਦਾ ਆਯੋਜਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ 350ਵਾਂ ਸ਼ਹੀਦੀ ਦਿਹਾੜਾ ਸਿਰਫ਼ ਇੱਕ ਧਾਰਮਿਕ ਸਮਾਗਮ ਨਹੀਂ, ਸਗੋਂ ਮਨੁੱਖਤਾ, ਇਨਸਾਫ਼ ਅਤੇ ਧਾਰਮਿਕ ਸੁਤੰਤਰਤਾ ਦੇ ਸੰਦੇਸ਼ ਨੂੰ ਵਿਸ਼ਵ ਭਰ ਵਿੱਚ ਪ੍ਰਚਾਰਿਤ ਕਰਨ ਦਾ ਇੱਕ ਇਤਿਹਾਸਕ ਮੌਕਾ ਹੈ। ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਹਾਨ ਅਵਸਰ ਨੂੰ ਸਮਰਪਿਤ ਸਮਾਗਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ। ਮੀਟਿੰਗ ਵਿੱਚ ਮੌਜੂਦ ਮੈਂਬਰਾਂ ਅਤੇ ਸੰਗਤਾਂ ਨੇ ਭਰੋਸਾ ਦਿਵਾਇਆ ਕਿ ਉਹ ਇਸ ਇਤਿਹਾਸਕ ਸਮਾਗਮ ਨੂੰ ਯਾਦਗਾਰੀ ਬਣਾਉਣ ਲਈ ਪੂਰਾ ਸਹਿਯੋਗ ਦੇਣਗੇ।

# ਪੰਜਾਬ ਨੂੰ ਨਸ਼ਿਆਂ ਦੇ ਦਲਦਲ ਵਿੱਚ ਧੱਕਣ ਵਾਲੀਆਂ ਸਰਕਾਰਾਂ ਲੋਕਾਂ ਦੇ ਕਟਹਿਰੇ ਵਿੱਚ ਖੜੀਆਂ:ਮਾਤਾ ਬਲਵਿੰਦਰ ਕੌਰ

### ਹਲਕਾ ਦੱਖਣੀ ਵਿੱਚ ਸਰਪੰਚ ਬਲਜੀਤ ਸਿੰਘ ਚਾਟੀਵਿੰਡ ਦੀ ਅਗਵਾਈ ਹੇਠ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਵਿਸ਼ਾਲ ਪੰਥਕ ਇਕੱਤਰਤਾ





ਅੰਮ੍ਰਿਤਸਰ, 26 ਜੂਨ ( ਆਵਾਜ਼ਿ ਕੌਮ ਬਿਊਰੋ)- ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅੱਜ ਅੰਮ੍ਰਿਤਸਰ ਹਲਕਾ ਦੱਖਣੀ ਵਿੱਚ ਸਰਪੰਚ ਸ੍. ਬਲਜੀਤ ਸਿੰਘ ਚਾਟੀਵਿੰਡ ਦੀ ਅਗਵਾਈ ਹੇਠ ਇੱਕ ਵਿਸ਼ਾਲ ਪੰਥਕ ਇਕੱਤਰਤਾ ਕਰਵਾਈ ਗਈ। ਇਸ ਇਕੱਤਰਤਾ ਵਿੱਚ ਵੱਡੀ ਗਿਣਤੀ ਵਿੱਚ ਇਲਾਕੇ ਦੇ ਨੌਜਵਾਨਾਂ, ਪੰਥਕ ਸੋਚ ਵਾਲੇ ਸਾਥੀਆਂ ਅਤੇ ਸਥਾਨਕ ਲੋਕਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਉਚੇਚੇ ਤੌਰ ਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੇ ਮਾਤਾ ਬਲਵਿੰਦਰ ਕੌਰ ਜੀ, ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਭਰਾਤਾ ਭਾਈ ਹਰਪ੍ਰੀਤ ਸਿੰਘ, ਭਾਈ ਪਰਮਜੀਤ ਸਿੰਘ ਜੌਹਲ, ਭਾਈ ਅਮਰਜੀਤ ਸਿੰਘ ਵੰਨਚਿੜੀ ਭਾਈ ਹਰਭਜਨ ਸਿੰਘ ਤੁੜ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸਵਰਨ ਸਿੰਘ ਗੋਲਡਨ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਬੀਬੀ ਮਨਜੀਤ ਕੌਰ, ਬੀਬੀ ਸਤਵੰਤ ਕੌਰ ਤੁੜ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਰਛਪਾਲ ਸਿੰਘ, ਭਾਈ ਜਸਵਿੰਦਰ ਸਿੰਘ ਕਾਹਨੂੰਵਾਨ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਪਰਮਜੀਤ ਸਿੰਘ ਵਣੀਏਕੇ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਗੁਰਜਿੰਦਰ ਸਿੰਘ, ਭਾਈ ਪ੍ਰਗਟ ਸਿੰਘ, ਭਾਈ ਹਰਪਾਲ ਸਿੰਘ ਭਾਈ ਹਰਪ੍ਰੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਪਹੁੰਚੀ। ਇਸ ਮੌਕੇ ਤੇ ਸੰਬੋਧਨ ਕਰਦਿਆਂ ਮਾਤਾ ਬਲਵਿੰਦਰ ਕੌਰ ਜੀ ਨੇ ਕਿਹਾ ਕਿ ਅੱਜ ਪੰਜਾਬ ਅਜਿਹੇ ਦੌਰ ਵਿੱਚੋਂ ਲੰਘ ਰਿਹਾ ਹੈ ਜਿੱਥੇ ਕਾਨੂੰਨ-ਵਿਵਸਥਾ ਪੂਰੀ ਤਰ੍ਹਾਂ ਪਟੜੀ ਤੋਂ ਉਤਰਦੀ ਨਜ਼ਰ ਆ ਰਹੀ ਹੈ। ਆਏ ਦਿਨ ਕਤਲ, ਲੁੱਟਾਂ-ਖੋਹਾਂ, ਗੈਂਗਵਾਰ, ਫਿਰੌਤੀਆਂ ਅਤੇ ਹੋਰ ਅਪਰਾਧਿਕ ਘਟਨਾਵਾਂ ਵਿੱਚ ਹੋ ਰਹੇ ਵਾਧੇ ਨੇ ਆਮ ਲੋਕਾਂ ਵਿੱਚ ਡਰ ਅਤੇ ਅਸੁਰੱਖਿਆ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਮੁੱਢਲੀ ਜ਼ਿੰਮੇਵਾਰੀ ਲੋਕਾਂ ਦੀ ਜਾਨ-ਮਾਲ ਦੀ ਰੱਖਿਆ ਕਰਨੀ ਹੁੰਦੀ ਹੈ, ਪਰ ਮੌਜੂਦਾ ਹਾਲਾਤ ਇਸਦੇ ਉਲਟ ਨਜ਼ਰ ਆ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਸਭ ਤੋਂ ਵੱਡਾ ਖਤਰਾ ਨਸ਼ਿਆਂ ਦੀ ਵਧਦੀ ਲਤ ਤੋਂ ਹੈ। ਨੌਜਵਾਨ ਪੀੜ੍ਹੀ ਨਸ਼ਿਆਂ ਦੀ ਦਲਦਲ ਵਿੱਚ ਧੱਕੀ ਜਾ ਰਹੀ ਹੈ, ਜਿਸ ਕਾਰਨ ਅਨੇਕਾਂ ਘਰ ਬਰਬਾਦ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਨਸ਼ਿਆਂ ਦੀ ਤਸਕਰੀ ਅਤੇ ਵਿਕਰੀ ਨੂੰ ਸਖ਼ਤੀ ਨਾਲ ਨਾ ਰੋਕਿਆ ਗਿਆ ਤਾਂ ਪੰਜਾਬ ਦਾ ਭਵਿੱਖ ਗੰਭੀਰ ਸੰਕਟ ਵਿੱਚ ਪੈ ਸਕਦਾ ਹੈ। ਮਾਤਾ ਬਲਵਿੰਦਰ ਕੌਰ ਜੀ ਨੇ ਕਿਹਾ ਕਿ ਪੰਜਾਬ ਨੂੰ ਬਚਾਉਣ ਲਈ ਲੋਕਾਂ ਨੂੰ ਜਾਗਰੂਕ ਹੋ ਕੇ ਸਮਾਜਿਕ ਅਤੇ ਨੈਤਿਕ ਜ਼ਿੰਮੇਵਾਰੀ ਨਿਭਾਉਣੀ ਹੋਵੇਗੀ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ 'ਤੇ ਚੱਲਣ, ਨਸ਼ਿਆਂ ਤੋਂ ਦੂਰ ਰਹਿਣ ਅਤੇ ਪੰਜਾਬ ਦੇ ਹੱਕਾਂ ਦੀ ਰਾਖੀ ਲਈ ਇੱਕਜੁੱਟ ਹੋਣ। ਇਸ ਮੌਕੇ ਸਰਪੰਚ ਬਲਜੀਤ ਸਿੰਘ ਚਾਟੀਵਿੰਡ ਨੇ ਹਲਕੇ ਦੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਦੀ ਵਿਸ਼ਾਲ ਪੰਥਕ ਇਕੱਤਰਤਾ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਲੋਕ ਪੰਜਾਬ ਦੀਆਂ ਸਮੱਸਿਆਵਾਂ ਪ੍ਰਤੀ ਗੰਭੀਰ ਹਨ ਅਤੇ ਬਦਲਾਅ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪਿੰਡ-ਪਿੰਡ ਅਤੇ ਸ਼ਹਿਰ-ਸ਼ਹਿਰ ਲੋਕਾਂ ਨੂੰ ਇਕੱਠਾ ਕਰਕੇ ਪੰਜਾਬ, ਪੰਜਾਬੀਅਤ ਅਤੇ ਪੰਥ ਦੇ ਹੱਕਾਂ ਲਈ ਸੰਘਰਸ਼ ਨੂੰ ਹੋਰ ਮਜ਼ਬੂਤ ਕਰੇਗਾ। ਉਨ੍ਹਾਂ ਕਿਹਾ ਕਿ ਹਲਕਾ ਦੱਖਣੀ ਵਿੱਚ ਪਾਰਟੀ ਦਾ ਜਨ ਅਧਾਰ ਲਗਾਤਾਰ ਮਜ਼ਬੂਤ ਹੋ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੇ ਪੱਧਰ 'ਤੇ ਲੋਕਾਂ ਨੂੰ ਜੋੜਿਆ ਜਾਵੇਗਾ। ਉਨ੍ਹਾਂ ਸਮੂਹ ਹਾਜ਼ਰ ਸੰਗਤ ਦਾ ਧੰਨਵਾਦ ਕਰਦਿਆਂ ਪੰਜਾਬ ਦੇ ਚੰਗੇ ਭਵਿੱਖ ਲਈ ਇਕਜੁੱਟ ਰਹਿਣ ਦਾ ਸੱਦਾ ਦਿੱਤਾ।

# ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਮਾਮਲੇ ਵਿੱਚ ਕਿਸੇ ਵੀ ਸਰਕਾਰੀ ਦਖ਼ਲਅੰਦਾਜ਼ੀ ਨੂੰ ਸਿੱਖ ਕੌਮ ਬਰਦਾਸ਼ਤ ਨਹੀਂ ਕਰੇਗੀ: ਹਰਮੀਤ ਸਿੰਘ ਕਾਲਕਾ



ਨਵੀਂ ਦਿੱਲੀ 26 ਜੂਨ (ਆਵਾਜ਼ਿ ਕੌਮ ਬਿਊਰੋ)- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਅੱਜ ਸਪੱਸ਼ਟ ਕੀਤਾ ਕਿ ਸਚਖੰਡ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਬੋਰਡ ਸਬੰਧੀ ਉੱਠੇ ਵਿਵਾਦ ਦੇ ਮੱਦੇਨਜ਼ਰ ਤਖ਼ਤ ਸਾਹਿਬ ਵੱਲੋਂ ਪਾਸ ਕੀਤੇ ਗਏ ਗੁਰਮਤੇ 'ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪੂਰੀ ਦ੍ਰਿੜਤਾ ਨਾਲ ਪਹਿਰਾ ਦੇਵੇਗੀ। ਉਨ੍ਹਾਂ ਕਿਹਾ ਕਿ ਸਿੱਖ ਗੁਰੂ ਧਾਮਾਂ ਅਤੇ ਉਨ੍ਹਾਂ ਦੇ ਪ੍ਰਬੰਧ ਵਿੱਚ ਕਿਸੇ ਵੀ ਸਰਕਾਰ ਜਾਂ ਬਾਹਰੀ ਧਿਰ ਦੀ ਦਖ਼ਲਅੰਦਾਜ਼ੀ ਸਿੱਖ ਜਗਤ ਲਈ ਕਤਈ ਮਨਜ਼ੂਰ ਨਹੀਂ ਹੈ। ਉਨ੍ਹਾਂ ਮਹਾਰਾਸ਼ਟਰ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਪ੍ਰਸਤਾਵਿਤ ਸੋਧ ਬਿੱਲ 'ਤੇ ਗੰਭੀਰ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਬਿਨਾਂ ਸਿੱਖ ਜਥੇਬੰਦੀਆਂ ਨਾਲ ਸਲਾਹ-ਮਸ਼ਵਰਾ ਕੀਤੇ ਅਜਿਹਾ ਕਦਮ ਚੁੱਕਣ ਕਾਰਨ ਸਿੱਖ ਭਾਈਚਾਰੇ ਵਿੱਚ ਬਹੁਤ ਰੋਸ ਪੈਦਾ ਹੋਇਆ ਹੈ। ਸਰਦਾਰ ਕਾਲਕਾ ਨੇ ਦੱਸਿਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਸ੍ਰੀ ਦਵੇਂਦਰ ਫੜਨਵੀਸ ਨੂੰ ਮੰਗ ਪੱਤਰ ਭੇਜ ਕੇ ਮੁਲਾਕਾਤ ਲਈ ਸਮਾਂ ਮੰਗਿਆ ਹੈ, ਤਾਂ ਜੋ ਇਸ ਮਾਮਲੇ ਬਾਰੇ ਸਪੱਸ਼ਟਤਾ ਪ੍ਰਾਪਤ ਕੀਤੀ ਜਾ ਸਕੇ ਅਤੇ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਤੋਂ ਉਨ੍ਹਾਂ ਨੂੰ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਕਾਨੂੰਨੀ ਸੋਧ ਦੀ ਲੋੜ ਮਹਿਸੂਸ ਹੁੰਦੀ ਹੈ ਤਾਂ ਇਸ ਤੋਂ ਪਹਿਲਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਸਚਖੰਡ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਪ੍ਰਬੰਧਕਾਂ, ਤਖ਼ਤ ਸਾਹਿਬ ਦੇ ਜਥੇਦਾਰਾਂ ਅਤੇ ਹੋਰ ਪ੍ਰਮੁੱਖ ਸਿੱਖ ਜਥੇਬੰਦੀਆਂ ਨਾਲ ਬੈਠ ਕੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਸਿੱਖ ਜਗਤ ਵਿੱਚ ਕਿਸੇ ਤਰ੍ਹਾਂ ਦੀ ਨਾਰਾਜ਼ਗੀ ਜਾਂ ਵਿਵਾਦ ਪੈਦਾ ਨਾ ਹੋਵੇ। ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਦਿੱਲੀ ਕਮੇਟੀ ਹਮੇਸ਼ਾ ਦੀ ਤਰ੍ਹਾਂ ਸਿੱਖ ਪੰਥ ਦੇ ਹੱਕਾਂ ਅਤੇ ਗੁਰੂ ਘਰਾਂ ਦੀ ਮਰਿਆਦਾ ਦੀ ਰਾਖੀ ਲਈ ਵਚਨਬੱਧ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਗੁਰੂ ਸਾਹਿਬ ਦੀ ਕਿਰਪਾ ਨਾਲ ਤਖ਼ਤ ਸਾਹਿਬ ਵੱਲੋਂ ਲਏ ਗਏ ਫ਼ੈਸਲੇ ਦੀ ਰੱਖਿਆ ਕਰਦਿਆਂ ਇਹ ਯਕੀਨੀ ਬਣਾਇਆ ਜਾਵੇਗਾ ਕਿ ਅਜਿਹਾ ਕੋਈ ਵੀ ਬਿੱਲ ਪਾਸ ਨਾ ਹੋਵੇ ਜੋ ਸਿੱਖ ਜਗਤ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਵੇ ਜਾਂ ਪੰਥ ਵਿੱਚ ਬੇਲੋੜਾ ਰੋਸ ਪੈਦਾ ਕਰੇ।




ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਅਤੇ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਸਮੇਂ ਵਿਚ ਗਿਆਨੀ ਗੁਰਜਿੰਦਰ ਸਿੰਘ ਜੀ ਨੇ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵਿਖੇ ਰਹਿ ਕੇ ਗੁਰਮਤਿ ਦੀ ਵਿਦਿਆ ਪ੍ਰਾਪਤ ਕੀਤੀ ਅਤੇ ਲੰਮਾਂ ਸਮਾਂ ਪੰਜ ਪਿਆਰਿਆਂ ਵਿੱਚ ਸੇਵਾ ਨਿਭਾਉਂਦੇ ਰਹੇ । ਉਨਾਂ ਨੂੰ ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਗੁਰਦੁਆਰਾ ਫਤਹਿਗੜ੍ਹ ਸਾਹਿਬ ਵਿਖੇ ਬਤੌਰ ਹੈਡ ਗ੍ਰੰਥੀ ਨਿਯੁਕਤ ਕੀਤਾ ਗਿਆ ਹੈ ਜੀ ।

# ਸਰਬੱਤ ਸੰਗਤ ਨੂੰ ਬਹੁਤ ਬਹੁਤ ਵਧਾਈਆਂ ਜੀ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਸ਼ਹੀਦੀ ਦਿਹਾੜਾ



**ਸ਼ਹੀਦੀ ਦਿਵਸ :** ਬਾਬਾ ਬੰਦਾ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਗੁਰ ਸਿੱਖ ਚੀਮਾਂ ਪ੍ਰਵਾਰ ਵੱਲੋਂ ਲਈ ਹੈ, ਜਿਸ ਦੇ 28 ਜੂਨ ਦਿਨ ਐਤਵਾਰ ਨੂੰ ਸੰਪੂਰਨ ਭੋਗ ਪੈਣਗੇ।

ਸ਼ਨਿੱਚਰਵਾਰ 27 ਜੂਨ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। ਐਤਵਾਰ 28 ਜੂਨ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:40 ਤੱਕ ਦੀਵਾਨ ਸੱਜਣਗੇ।

## ਛਬੀਲ ਲਗਾਈ ਜਾਵੇਗੀ , ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਸਾਹਿਬ ਜੀ ਰਾਗੀ ਭਾਈ ਲਖਬੀਰ ਸਿੰਘ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

## ਇੱਕ ਨਜ਼ਰ...



### ਹਲਕਾ ਮਜੀਠਾ ਦੇ ਬਲਾਕ 2 ਦੇ ਚੇਅਰਮੈਨ ਬੀਬੀ ਨਰਿੰਦਰ ਕੌਰ ਭੋਏਵਾਲ ਅਤੇ ਵਾਈਸ ਚੇਅਰਮੈਨ ਸਿਕੰਦਰ ਸਿੰਘ ਖਿਦੋਵਾਲੀ ਨੇ ਸੰਭਾਲਿਆ ਅਹੁਦਾ

**ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਬਿਠਾਇਆ ਕੁਰਸੀ ’ਤੇ**

ਚੌਕ ਮਹਿਤਾ, 26 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਹਲਕਾ ਮਜੀਠਾ ਦੇ ਵਿੱਚ ਅੱਜ ਨਵੇਂ ਬੀ.ਡੀ.ਪੀ.ਓ.ਦਫ਼ਤਰ ਬਾਲਕ ਮਜੀਠਾ--2 ਮੱਤੇਵਾਲ ਵਿਖੇ ਬੀਬੀ ਨਰਿੰਦਰ ਕੌਰ ਭੋਏਵਾਲ ਦੀ ਚੇਅਰਮੈਨ ਅਤੇ ਸ.ਸਿਕੰਦਰ ਸਿੰਘ ਖਿਦੋਵਾਲੀ ਦੀ ਵਾਈਸ ਚੇਅਰਮੈਨ ਵਜੋਂ ਹੋਈ ਤਾਜਪੋਸ਼ੀ ਸਮਾਰੋਹ ਹੋਇਆ ਜਿਸ ਵਿਚ ਵਿਧਾਨ ਸਭਾ ਹਲਕਾ ਮਜੀਠਾ ਦੇ ਆਮ ਆਦਮੀ ਪਾਰਟੀ ਵੱਲੋਂ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਵੀ ਹਾਜ਼ਰੀ ਭਰ ਕੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਨੂੰ ਵਧਾਈ ਦਿੰਦੇਆਂ ਉਹਨਾਂ ਨੂੰ ਕੁਰਸੀ ਤੇ ਬਿਠਾਇਆ ਅਤੇ ਉਨਾਂ ਨੂੰ ਸਨਮਾਨਿਤ ਕਰਦਿਆਂ ਮੂੰਹ ਮਿੱਠਾ ਕਰਵਾਇਆ, ਇਸ ਮੌਕੇ ਤੇ ਸੰਬੋਧਨ ਕਰਦਿਆਂ ਕਰਦਿਆਂ ਤਲਬੀਰ ਸਿੰਘ ਗਿੱਲ ਨੇਏ ਕਿਹਾ ਕਿ ਅੱਜ ਨਵੇਂ ਬਣੇ ਚੇਅਰਮੈਨ ਤੇ ਵਾਈਸ ਚੇਅਰਮੈਨ ਨੂੰ ਮੇਰੇ ਵੱਲੋਂ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਹਨ ਕਿ ਉਹ ਇਸ ਜਿੰਮੇਵਾਰੀ ਵਾਲ਼ੇ ਅਹੁਦੇ ਤੇ ਬੈਠ ਕੇ ਪਿੰਡਾਂ ਨਾਲ ਸਬੰਧਤ ਕੰਮਾਂ ਨੂੰ ਨੇਪਰੇ ਚੜਾਉਣ ਅਤੇ ਪਾਰਟੀ ਨੂੰ ਮਜਬੂਤ ਕਰਨ ਲਈ ਹੋਰ ਵੀ ਤਨਦੇਹੀ ਨਾਲ ਕੰਮ ਕਰਨ, ਇਸ ਮੌਕੇ ਤੇ ਨਵੇਂ ਬਣਾਏ ਗਏ ਚੇਅਰਮੈਨ ਬੀਬੀ ਨਰਿੰਦਰ ਕੌਰ ਭੋਏਵਾਲ ਅਤੇ ਵਾਈਸ ਚੇਅਰਮੈਨ ਸਿਕੰਦਰ ਸਿੰਘ ਖਿਦੋਵਾਲੀ ਨੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਅਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਵੀ ਜਿੰਮੇਵਾਰੀ ਉਹਨਾਂ ਤੇ ਪਾਰਟੀ ਨੇ ਸੌਂਪੀ ਹੈ ਉਹ ਬਹੁਤ ਹੀ ਤਨਦੇਹੀ ਨਾਲ ਨਿਭਾਉਣਗੇ, ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਅਮਨਦੀਪ ਸਿੰਘ ਬੀਡੀਪੀਓ ਮਜੀਠਾ 2, ਆਮ ਆਦਮੀ ਪਾਰਟੀ ਕਿਸਾਨ ਵਿੰਗ ਜਿਲ ਅੰਮ੍ਰਿਤਸਰ ਦੇ ਪ੍ਰਧਾਨ ਬਲਬੀਰ ਸਿੰਘ ਬੋਪਾ ਰਾਏ, ਸਿਵਰਾਜ ਸਿੰਘ ਢਿਲੋਂਵਾਲ ਢਿਲੋਂਵਾਲ, ਮਲਕੀਤ ਸਿੰਘ ਬਾਠ ਭੋਏ, ਸਿਕੰਦਰ ਸਿੰਘ ਭੋਏਵਾਲ ਤਰਵਿੰਦਰ ਸਿੰਘ ਸਾਧਪੁਰ, ਪਰਮਜੀਤ ਸਿੰਘ ਮੱਤੇਵਾਲ ਪੀਬੀਐਸ ਵਾਲੇ, ਸਰਪੰਚ ਸੁਰਜੀਤ ਸਿੰਘ ਭੋਏਵਾਲ, ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ,ਹੁਸਨਦੀਪ ਸਿੰਘ ਸਿਆਲਕਾ ਮੈਂਬਰ ਜਿਲ੍ਹਾ ਪਰਿਸ਼ਦ, ਸਰਪੰਚ ਮਨਦੀਪ ਸਿੰਘ ਤਨੇਲ, ਜਥੇਦਾਰ ਸਤਨਾਮ ਸਿੰਘ ਹਾਂਸ, ਗੁਰਪ੍ਰੀਤ ਸਿੰਘ ਸਰਪੰਚ ਹਾਸ, ਗੁਰਬੀਰ ਸਿੰਘ ਮੱਤੇਵਾਲ ਮੈਂਬਰ ਬਲਾਕ ਸੰਮਤੀ, ਸਰਵਣ ਸਿੰਘ ਚੁਗਾਵਾਂ ਮੈਂਬਰ ਬਲਾਕ ਸੰਮਤੀ, ਸਰਪੰਚ ਪ੍ਰੇਮ ਸਿੰਘ ਤਰਫਾਨ ਸਮੇਤ ਇਲਾਕੇ ਦੇ ਹੋਰ ਪੰਥ ਸਰਪੰਚ ਤੇ ਮੋਹਤਬਰ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੂਬਾ ਸਰਕਾਰ ਦਾ ਵਿਕਾਸ ਕਾਗਜ਼ੀ,ਕਈ ਥਾਈਂ ਮੁਢਲੀਆਂ ਸਹੂਲਤਾਂ ਵਾਸਤੇ ਵੀ ਫੰਡ ਨਹੀ ਦਿੱਤੇ ਜਾ ਰਹੇ: ਗੁਰਬਾਜ਼ ਸਿੰਘ ਸਿੱਧੂ



ਤਲਵੰਡੀ ਸਾਬੋ, 26 ਜੂਨ (ਗੁਰਜੰਟ ਸਿੰਘ ਨਥੇਹਾ)- ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦਾ ਮੁਖੀ ਆਪਣੇ ਵੱਲੋਂ ਸ਼ੁਰੂ ਕੀਤੀਆਂ ਲੋਕ ਮਿਲਣੀਆਂ ’ਚ ਜਿਹੜੇ ਵਿਕਾਸ ਦੇ ਦਾਅਵੇ ਕਰ ਰਿਹੈ ਉਹ ਵਿਕਾਸ ਸਿਰਫ ਕਾਗਜ਼ੀ ਹੈ ਜਦੋਂਕਿ ਹਾਲਾਤ ਇਹ ਨੇ ਕਿ ਕਈ ਪਿੰਡਾਂ/ਸ਼ਹਿਰਾਂ ’ਚ ਮੁਢਲੀਆਂ ਲੋਕ ਸਹੂਲਤਾਂ ਵਾਸਤੇ ਵੀ ਲੋੜੀਂਦੇ ਫੰਡ ਉਪਲੱਬਧ ਨਹੀ ਕਰਵਾਏ ਜਾ ਰਹੇ। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਤੇ ਹਲਕੇ ’ਚ ਕਾਂਗਰਸ ਵੱਲੋਂ ਸਰਗਰਮ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਗੱਲਬਾਤ ਦੌਰਾਨ ਕੀਤਾ। ਅੱਜ ਹਲਕੇ ਦੇ ਪਿੰਡ ਲੇਲੇਵਾਲਾ ’ਚ ਲੋਕਾਂ ਦੇ ਖੁਸ਼ੀ/ਗਮੀ ਦੇ ਪ੍ਰੋਗਰਾਮਾਂ ’ਚ ਸ਼ਮੂਲੀਅਤ ਕਰਨ ਪੁੱਜੇ ਗੁਰਬਾਜ਼ ਸਿੰਘ ਸਿੱਧੂ ਨੇ ਬਾਅਦ ’ਚ ਇੱਥੇ ਗੱਲਬਾਤ ਕਰਦਿਆਂ ਕਿਹਾ ਕਿ ਇਤਿਹਾਸਿਕ ਨਗਰ ਤਲਵੰਡੀ ਸਾਬੋ ਦੇ ਕਈ ਹਿੱਸਿਆਂ ’ਚ ਅਜੇ ਵੀ ਸੀਵਰੇਜ ਲੀਕੇਜ ਦੀ ਸਮੱਸਿਆ ਆ ਰਹੀ ਹੈ ਤੇ ਲੋਕਾਂ ਦੀ ਗੁਹਾਰ ਦੇ ਬਾਵਜੂਦ ਉਸਦਾ ਠੋਸ ਹੱਲ ਨਹੀ ਕੱਢਿਆ ਗਿਆ। ਉਨਾਂ ਕਿਹਾ ਕਿ ਨਗਰ ਦੀ ਮਲਕਾਣਾ ਰੋਡ ’ਤੇ ਪਾਣੀ ਦੀ ਸਮੱਸਿਆ ਦਾ ਹੱਲ ਨਾ ਹੋਣ ਕਾਰਣ ਨਰਕ ਵਰਗੀ ਸਥਿੱਤੀ ਚ ਜਿੱਥੇ ਲੋਕ ਰਹਿ ਰਹੇ ਨੇ ਉੱਥੇ ਰਾਹਗੀਰਾਂ ਲਈ ਵੱਡੀ ਮੁਸ਼ਿਕਲ ਬਣੀ ਪਈ ਹੈ। ਸਿੱਧੂ ਮੁਤਾਬਿਕ ਇਸ ਸਰਕਾਰ ਦੇ ਸਮੇਂ ਸਭ ਤੋਂ ਵੱਡੀ ਮੁਸ਼ਿਕਲ ਆਰਥਿਕ ਪੱਖੋਂ ਕਮਜ਼ੋਰ ਲੋਕਾਂ ਨੂੰ ਹੋਈ ਹੈ ਕਿਉਂਕਿ ਸਰਕਾਰ ਨੇ ਆਪਣੇ ਸਾਢੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਲੋਕ ਭਲਾਈ ਸਕੀਮਾਂ ਦਾ ਭੋਗ ਹੀ ਪਾ ਦਿੱਤੈ। ਉਨਾਂ ਮੰਗ ਕੀਤੀ ਕਿ ਹੁਣ ਜਦੋਂ ਸਰਕਾਰ ਆਪਣੇ ਕਾਰਜਕਾਲ ਦੇ ਆਖਰੀ ਸਮੇਂ ’ਚ ਹੈ ਤਾਂ ਬੁਢਾਪਾ/ਵਿਧਵਾ ਅਤੇ ਅੰਗਹੀਨਾਂ ਦੀ ਪੈਨਸ਼ਨ ’ਚ ਵਾਧਾ ਕਰਨਾ ਚਾਹੀਦੈ, ਅੰਗਹੀਨ ਵਿਅਕਤੀਆਂ ਨੂੰ ਟ੍ਰਾਈਸਾਈਕਲ ਦੇਣੇ ਚਾਹੀਦੇ ਨੇ ਤੇ ਪਿੰਡਾਂ ਦੇ ਨੌਜਵਾਨਾਂ ਲਈ ਜ਼ਿੰਮਾਂ ਸਥਾਪਿਤ ਕਰਨੀਆਂ ਚਾਹਿਦੀਆਂ ਹਨ। ਸਿੱਧੂ ਨਾਲ ਇਸ ਮੌਕੇ ਬਹਾਦਰ ਸਿੰਘ ਤੇ ਮੇਜਰ ਸਿੰਘ ਦੋਵੇਂ ਸਾਬਕਾ ਸਰਪੰਚ ਲੇਲੇਵਾਲਾ, ਬਲਵੰਤ ਸਿੰਘ ਲੇਲੇਵਾਲਾ, ਕ੍ਰਿਸ਼ਨ ਯਾਦਵ, ਸੁਖਵੀਰ ਸਿੰਘ ਸਿੱਧੂ ਜਨ: ਸਕੱਤਰ ਜਿਲ੍ਹਾ ਯੂਥ ਕਾਂਗਰਸ, ਗੁਰਾਦਿੱਤਾ ਸਿੰਘ ਸੀਂਗੋ, ਦਰਸ਼ਨ ਸਿੰਘ ਗਿੱਲ, ਮਨਪ੍ਰੀਤ ਸਿੰਘ ਸ਼ੇਖਪੁਰਾ ਆਦਿ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਥਕ ਦਖ਼ਲਅੰਦਾਜ਼ੀ ਅਤੇ ਪੰਜਾਬ ਦੇ ਹਿੱਤਾਂ ਨਾਲ ਖਿਲਵਾੜ ਕਿਸੇ ਕੀਮਤ ’ਤੇ ਬਰਦਾਸ਼ਤ ਨਹੀਂ: ਤਰਸੇਮ ਸਿੰਘ ਤੇ ਮਨਪ੍ਰੀਤ ਸਿੰਘ ਇਯਾਲੀ

**ਭਗਵੰਤ ਮਾਨ ਟਕਰਾਅ ਛੱਡ ਕੇ ਮੁੱਖ ਮੰਤਰੀ ਦੇ ਅਹੁਦੇ ਤੋਂ ਦੇਵੇ ਅਸਤੀਫਾ**



ਚੰਡੀਗੜ੍ਹ, 26 ਜੂਨ (ਆਵਾਜ਼ਿ ਕੌਮ ਬਿਊਰੋ)- ‘ਅਕਾਲੀ ਦਲ ਵਾਰਿਸ ਪੰਜਾਬ ਦੇ’ ਜਥੇਬੰਦੀ ਵਲੋਂ ਅੱਜ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਅਤੇ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਨੇ ਚੰਡੀਗੜ੍ਹ ਪ੍ਰੈਸ ਕਲੱਬ ਵਿਖੇ ਇੱਕ ਅਹਿਮ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਥ ਅਤੇ ਪੰਜਾਬ ਨਾਲ ਨਾਲ ਜੁੜੇ ਤਿੰਨ ਗੰਭੀਰ ਮੁੱਦਿਆਂ—ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਅਕਾਲ ਤਖ਼ਤ ਸਾਹਿਬ ਨਾਲ ਲਾਇਆ ਜਾ ਰਿਹਾ ਮੱਥਾ, ਮਹਾਰਾਸ਼ਟਰ ਸਰਕਾਰ ਵੱਲੋਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਾਂ ’ਤੇ ਕਬਜ਼ਾ ਕਰਨ ਦੀ ਮੁਹਿੰਮ ਅਤੇ ਭਾਖੜਾ ਡੈਮ ਦੇ ਲਗਾਤਾਰ ਵਧ ਰਹੇ ਜਲ ਪੱਧਰ ਨੂੰ ਲੈ ਕੇ ਅਹਿਮ ਮੁੱਦੇ ਉਠਾਏ ਗਏ। ਪ੍ਰੈਸ ਕਲੱਬ ਵਿੱਚ ਕੀਤੀ ਕਾਨਫਰੰਸ ਵਿੱਚ ਦੋਵਾਂ ਆਗੂਆਂ ਨੇ ਉਕਤ ਮੁੱਦਿਆਂ ਤੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕਰਦਿਆਂ ਚਿੰਤਾ ਪ੍ਰਗਟਾਈ ਕਿ ਮਹਾਰਾਸ਼ਟਰ ਸਰਕਾਰ ਸਿੱਖਾਂ ਦੇ ਧਾਰਮਿਕ ਮਸਲਿਆਂ ਵਿੱਚ ਦਖਲ ਅੰਦਾਜੀ ਦਾ ਪ੍ਰਬੰਧ ਕਰਨ ਲਈ ਹੀ ਨਵਾਂ ਕਾਨੂੰਨ ਲੈ ਕੇ ਆ ਰਹੀ ਹੈ, ਦੂਸਰੇ ਪਾਸੇ ਕੇਂਦਰ ਸਰਕਾਰ ਵੱਲੋਂ ਪੰਜਾਬ ਨੂੰ ਦੁਬਾਰਾ ਫਿਰ ਹੜਾਂ ਦੀ ਮਾਰ ਹੇਠ ਲਿਆਉਣ ਦੀ ਯੋਜਨਾ ਉਲੀਕ ਲਈ ਜਾਪਦੀ ਹੈ ਜਿਸ ਵਿੱਚ ਪੰਜਾਬ ਸਰਕਾਰ ਦੀ ਵੀ ਉਹਨਾਂ ਨੂੰ ਪੂਰੀ ਸਹਿਮਤੀ ਮਿਲ ਰਹੀ ਹੈ ਕਿਉਂਕਿ ਪੰਜਾਬ ਸਰਕਾਰ ਡੈਮ ਵਿੱਚ ਲਗਾਤਾਰ ਵਧ ਰਹੇ ਜਲ ਪੱਧਰ ਪ੍ਰਤੀ ਕੋਈ ਕਦਮ ਨਹੀਂ ਉਠਾ ਰਹੀ।

ਆਵਾਜ਼ਿ ਕੌਮ AWAZE QAUM International Newspaper & WEB TV

## ਪਿੰਡ ਜਗਾ ਰਾਮ ਤੀਰਥ ਦੇ ਕਈ ਪਰਿਵਾਰ ਅਕਾਲੀ ਦਲ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ







ਤਲਵੰਡੀ ਸਾਬੋ, 26 ਜੂਨ (ਗੁਰਜੰਟ ਸਿੰਘ ਨਥੇਹਾ)- ਹਲਕਾ ਤਲਵੰਡੀ ਸਾਬੋ ਦੇ ਪਿੰਡ ਜਗਾ ਰਾਮ ਤੀਰਥ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਹੁਲਾਰਾ ਮਿਲਿਆ ਜਦੋਂ ਪਿੰਡ ਦੇ ਕਈ ਪਰਿਵਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿੰਦਿਆਂ ਹਲਕਾ ਵਿਧਾਇਕਾ ਅਤੇ ਕੈਬਨਿਟ ਰੈਂਕ ਪ੍ਰੋ. ਬਲਜਿੰਦਰ ਕੌਰ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਲੋਕ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਹਰ ਵਰਕਰ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਹਲਕੇ ਦੇ ਸਰਵਪੱਖੀ ਵਿਕਾਸ ਲਈ ਮਿਲ ਕੇ ਕੰਮ ਕੀਤਾ ਜਾਵੇਗਾ। ਪਾਰਟੀ ਵਿੱਚ ਸ਼ਾਮਲ ਹੋਏ ਪਰਿਵਾਰਾਂ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਅਤੇ ਪ੍ਰੋ. ਬਲਜਿੰਦਰ ਕੌਰ ਵੱਲੋਂ ਹਲਕੇ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਅਮਨਦੀਪ ਹਸਪਤਾਲ ਵੱਲੋਂ 27 ਜੂਨ ਨੂੰ ਮੁਫ਼ਤ ਬੀ.ਐਮ.ਡੀ ਤੇ ਨਿਊਰੋਪੈਥੀ ਟੈਸਟ ਕੈਂਪ ਦਾ ਆਯੋਜਨ

ਫ਼ਿਰੋਜ਼ਪੁਰ, 26 ਜੂਨ (ਮਨੋਹਰ ਲਾਲ) : ਅਮਨਦੀਪ ਹਸਪਤਾਲ ਵੱਲੋਂ ਉਜਾਲਾ ਸਿਗਨਸ ਹਸਪਤਾਲ ਨਾਲ ਸਾਂਝੇਦਾਰੀ ਵਿੱਚ ਅਤੇ ਕਬੀਰਾ ਫਾਊਂਡੇਸ਼ਨ ਫ਼ਿਰੋਜ਼ਪੁਰ ਦੇ ਸਹਿਯੋਗ ਨਾਲ 27 ਜੂਨ 2026 ਨੂੰ ਇੱਕ ਮੁਫ਼ਤ ਹੱਡੀਆਂ ਦੀ ਜਾਂਚ ਅਤੇ ਨਿਊਰੋਪੈਥੀ ਟੈਸਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕੈਂਪ ਸਵੇਰੇ 10:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਮੋਗਾ ਰੋਡ ਫ਼ਿਰੋਜ਼ਪੁਰ ਵਿਖੇ ਲਗਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਕੈਂਪ ਦਾ ਮੁੱਖ ਉਦੇਸ਼ ਓਸਟੀਓਪੋਰੋਸਿਸ, ਗਠੀਆ ਅਤੇ ਜੋੜਾਂ ਦੇ ਦਰਦ ਨਾਲ ਸਬੰਧਤ ਬਿਮਾਰੀਆਂ ਦਾ ਜਲਦੀ ਪਤਾ ਲਗਾ ਕੇ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਹੈ। ਕੈਂਪ ਦੌਰਾਨ ਕੀਤਾ ਜਾਣ ਵਾਲਾ ਬੀ.ਐਮ.ਡੀ ਟੈਸਟ ਹੱਡੀਆਂ ਦੀ ਤਾਕਤ ਅਤੇ ਫ੍ਰੈਕਚਰ ਦੇ ਜੋਖਮ ਦਾ ਮੁਲਾਂਕਣ ਕਰਨ ਵਿੱਚ ਮਦਦ ਕਰਦਾ ਹੈ, ਜਦੋਂ ਕਿ ਨਿਊਰੋਪੈਥੀ ਟੈਸਟ ਰਾਹੀਂ ਨਸਾਂ ਦੀ ਕਮਜ਼ੋਰੀ ਜਾਂ ਨੁਕਸਾਨ ਦਾ ਪਤਾ ਲਗਾਇਆ ਜਾਂਦਾ ਹੈ। ਉਨ੍ਹਾਂ ਫ਼ਿਰੋਜ਼ਪੁਰ ਅਤੇ ਆਸ ਪਾਸ ਦੇ ਇਲਾਕਿਆਂ ਦੇ ਸਾਰੇ ਨਿਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਇਸ ਮੁਫ਼ਤ ਜਾਂਚ ਅਤੇ ਮਾਹਰ ਡਾਕਟਰਾਂ ਦੇ ਸਲਾਹ ਮਸ਼ਵਰੇ ਦਾ ਵੱਧ ਤੋਂ ਵੱਧ ਲਾਭ ਉਠਾਉਣ ਕਿਉਂਕਿ ਬਿਮਾਰੀ ਦਾ ਜਲਦੀ ਪਤਾ ਲੱਗਣਾ ਹੀ ਹੱਡੀਆਂ ਅਤੇ ਨਸਾਂ ਦੀ ਬਿਹਤਰ ਸਿਹਤ ਵੱਲ ਪਹਿਲਾ ਕਦਮ ਹੈ। ਇਸ ਮੌਕੇ ਅਮਨਦੀਪ ਹਸਪਤਾਲ ਦੇ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਇਸ ਤਰ੍ਹਾਂ ਦੇ ਕਮਿਊਨਿਟੀ ਸਿਹਤ ਕੈਂਪ ਸਾਡੇ ਉਸ ਮਿਸ਼ਨ ਨੂੰ ਦਰਸਾਉਂਦੇ ਹਨ, ਜਿਸ ਤਹਿਤ ਅਸੀਂ ਲੋਕਾਂ ਦੇ ਘਰਾਂ ਤੱਕ ਸਿੱਧੇ ਤੌਰ ਤੇ ਰੋਕਥਾਮ ਸਿਹਤ ਸੰਭਾਲ ਪਹੁੰਚਾਉਣਾ ਚਾਹੁੰਦੇ ਹਾਂ। ਇਸ ਨੇਕ ਕਾਰਜ ਲਈ ਕਬੀਰਾ ਫਾਊਂਡੇਸ਼ਨ ਨਾਲ ਭਾਈਵਾਲੀ ਕਰਨ ਨਾਲ ਸਾਨੂੰ ਹੱਡੀਆਂ, ਜੋੜਾਂ ਅਤੇ ਨਸਾਂ ਦੀ ਸਿਹਤ ਬਾਰੇ ਜਾਗਰੂਕਤਾ ਫੈਲਾਉਣ ਵਿੱਚ ਵੱਡੀ ਮਦਦ ਮਿਲੇਗੀ, ਕਿਉਂਕਿ ਅਕਸਰ ਲੋਕ ਇਨ੍ਹਾਂ ਸਮੱਸਿਆਵਾਂ ਨੂੰ ਉਦੋਂ ਤੱਕ ਨਜ਼ਰਅੰਦਾਜ਼ ਕਰਦੇ ਹਨ ਜਦੋਂ ਤੱਕ ਸਥਿਤੀ ਗੰਭੀਰ ਨਹੀਂ ਹੋ ਜਾਂਦੀ।



## ਇੱਕ ਨਜ਼ਰ...







## 15,000 ਅਕਾਲ ਅਕੈਡਮੀ ਵਿਦਿਆਰਥੀਆਂ ਵੱਲੋਂ ਅਸੀਂ ਨਸ਼ਾ ਮੁਕਤ ਹਾਂ ਮਨੁੱਖੀ ਅੱਖਰ ਰਚਨਾ ਕਰਕੇ ਵਿਸ਼ਵ ਰਿਕਾਰਡ ਬਣਾਉਣ ਦਾ ਯਤਨ

ਫ਼ਿਰੋਜ਼ਪੁਰ, 26 ਜੂਨ (ਮਨੋਹਰ ਲਾਲ) :— ਅੰਤਰਰਾਸ਼ਟਰੀ ਨਸ਼ਾ ਵਿਰੁੱਧ ਦਿਵਸ ਦੇ ਮੌਕੇ 'ਤੇ ਦੀ ਕਲਗੀਧਰ ਟਰੱਸਟ ਵੱਲੋਂ ਚਲਾਏ ਜਾ ਰਹੇ 121 ਅਕਾਲ ਅਕੈਡਮੀ ਸਕੂਲਾਂ ਦੇ 15,000 ਤੋਂ ਵੱਧ ਵਿਦਿਆਰਥੀਆਂ ਨੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਰਾਜਸਥਾਨ ਵਿੱਚ ਇੱਕ ਵਿਸ਼ੇਸ਼ ਨਸ਼ਾ ਵਿਰੋਧੀ ਜਾਗਰੂਕਤਾ ਮੁਹਿੰਮ ਵਿੱਚ ਭਾਗ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਤਿੰਦਰ ਸਿੰਘ ਪਬਲਿਕ ਰਿਲੇਸ਼ਨਜ਼ ਵਿਭਾਗ ਦਿ ਕਲਗੀਧਰ ਟਰੱਸਟ ਬੜੂ ਸਾਹਿਬ ਨੇ ਦੱਸਿਆ ਕਿ ਸਵੇਰੇ 8:00 ਵਜੇ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਨੇ ਇੱਕੋ ਸਮੇਂ ਆਪਣੇ—ਆਪਣੇ ਕੈਂਪਸਾਂ ਵਿੱਚ ਇਕੱਠੇ ਹੋ ਕੇ ਅਸੀਂ ਨਸ਼ਾ ਮੁਕਤ ਹਾਂ ਦੀ ਮਨੁੱਖੀ ਅੱਖਰ ਰਚਨਾ ਬਣਾ ਕੇ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਕਲਪ ਦੁਹਰਾਇਆ। ਇਹ ਗਤੀਵਿਧੀ ਵਰਲਡ ਬੁੱਕ ਆਫ ਰਿਕਾਰਡਜ਼, ਲੰਡਨ ਵਿੱਚ ਦਰਜ ਹੋਣ ਦੇ ਉਦੇਸ਼ ਨਾਲ ਕਰਵਾਈ ਗਈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫਿਰੋਜ਼ਪੁਰ ਦੇ ਸਕੂਲਾਂ ਵਿੱਚ ਭਾਗੀਦਾਰੀ ਵਿਚ ਅਕਾਲ ਅਕੈਡਮੀ ਬੇਹਕ ਫੱਤੂ—200, ਅਕਾਲ ਅਕੈਡਮੀ ਭਰਾਣਾ—60, ਅਕਾਲ ਅਕੈਡਮੀ ਬਸਤੀ ਵਸਾਵਾ ਸਿੰਘ—40, ਅਕਾਲ ਅਕੈਡਮੀ ਨਵਾਂ ਕਿਲਾ—60, ਅਕਾਲ ਅਕੈਡਮੀ ਰੱਤਾ ਖੇੜਾ 167 ਨੇ ਹਿੱਸਾ ਲੈ ਕੇ ਆਪਣੀ ਕਾਬਲੀਅਤ ਦਾ ਪ੍ਰਗਟਾਵਾ ਕੀਤਾ। ਇਸ ਮੌਕੇ 'ਤੇ ਅਕਾਲ ਅਕੈਡਮੀ ਬੇਹਕ ਫੱਤੂ ਦੀ ਪ੍ਰਿੰਸੀਪਲ ਸ੍ਰੀਮਤੀ ਮਨਦੀਪ ਕੌਰ ਨੇ ਕਿਹਾ ਕਿ ਇਹ ਉਪਰਾਲਾ ਸਾਡੇ ਵਿਦਿਆਰਥੀਆਂ ਦੀ ਨਸ਼ਾ ਮੁਕਤ ਸਮਾਜ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਦੱਸਿਆ ਕਿ ਸਾਲ ਭਰ ਚੱਲਣ ਵਾਲੇ ਜਾਗਰੂਕਤਾ ਪ੍ਰੋਗਰਾਮਾਂ, ਮੁੱਲ ਅਧਾਰਿਤ ਸਿੱਖਿਆ, ਕੌਂਸਲਿੰਗ ਅਤੇ ਨਸ਼ਾ ਰੋਕਥਾਮੀ ਗਤੀਵਿਧੀਆਂ ਰਾਹੀਂ ਸਾਡੇ ਸਕੂਲ ਨਸ਼ਾ ਮੁਕਤ ਕੈਂਪਸ ਬਣਾਈ ਰੱਖਣ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਦੀ ਕਲਗੀਧਰ ਟਰੱਸਟ ਆਪਣੇ ਵਿਦਿਅਕ ਅਦਾਰਿਆਂ ਰਾਹੀਂ ਨਸ਼ਾ ਰੋਕਥਾਮ ਅਤੇ ਸਮਾਜਿਕ ਜਾਗਰੂਕਤਾ ਮੁਹਿੰਮਾਂ ਨੂੰ ਲਗਾਤਾਰ ਅੱਗੇ ਵਧਾ ਰਿਹਾ ਹੈ। ਅਕਾਲ ਅਕੈਡਮੀਆਂ ਦੇ ਵਿਦਿਆਰਥੀ ਪਹਿਲਾਂ ਵੀ ਇਸ ਤਰ੍ਹਾਂ ਦੀਆਂ ਵੱਡੀਆਂ ਸਮਾਜਿਕ ਮੁਹਿੰਮਾਂ ਰਾਹੀਂ ਦੋ ਵਿਸ਼ਵ ਰਿਕਾਰਡ ਅਤੇ ਇੱਕ ਲਿਮਕਾ ਬੁੱਕ ਆਫ ਰਿਕਾਰਡਜ ਸਨਮਾਨ ਹਾਸਲ ਕਰਨ ਵਿੱਚ ਯੋਗਦਾਨ ਪਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਇਹ ਮੁਹਿੰਮ ਨੌਜਵਾਨ ਪੀੜ੍ਹੀ ਨੂੰ ਨਸ਼ਾ ਮੁਕਤ ਭਾਰਤ ਦੀ ਸਿਰਜਣਾ ਲਈ ਪ੍ਰੇਰਿਤ ਕਰਨ ਅਤੇ ਜ਼ਿੰਮੇਵਾਰ ਨਾਗਰਿਕ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ।

## ਵੈਨੇਜ਼ੁਏਲਾ 'ਚ ਕੁਦਰਤੀ ਆਫ਼ਤ ਨਾਲ ਹੋਈ ਤਬਾਹੀ ਅਫ਼ਸੋਸਨਾਕ, ਸਿੱਖ ਕੌਮ ਆਪਣੀ ਸਰਬੱਤ ਦੇ ਭਲੇ ਦੀ ਸੋਚ ਅਧੀਨ ਕਰੇ ਬਣਦੇ ਅਮਲ: ਸਿਮਰਨਜੀਤ ਸਿੰਘ ਮਾਨ

ਨਵੀਂ ਦਿੱਲੀ, 26 ਜੂਨ (ਆਵਾਜ਼ਿ ਕੌਮ ਬਿਊਰੋ):ਵੇਨੇਜ਼ੁਏਲਾ ਮੁਲਕ 'ਚ ਵੱਡੀ ਤੀਬਰ ਗਤੀ ਦੇ ਆਏ ਭੂਚਾਲ ਨਾਲ ਜੋ ਮਨੁੱਖੀ ਜਾਨਾਂ, ਇਮਾਰਤਾਂ ਅਤੇ ਹੋਰ ਮਾਲੀ ਨੁਕਸਾਨ ਹੋਇਆ ਹੈ, ਉਸ 'ਤੇ ਸ਼੍ਰੋਮਣੀ ਅਕਾਲੀ



ਦਲ (ਅੰਮ੍ਰਿਤਸਰ) ਅਤੇ ਸਿੱਖ ਕੌਮ ਜਿੱਥੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੀ ਹੈ, ਉੱਥੇ ਉਸ ਅਕਾਲ ਪੁਰਖ ਦੇ ਚਰਨਾਂ ਵਿਚ ਇਹ ਅਰਜੋਈ ਕਰਦੀ ਹੈ ਕਿ ਵੇਨੇਜ਼ੁਏਲਾ 'ਚ ਹੋਏ ਜਾਨੀ ਨੁਕਸਾਨ 'ਚ ਮਾਰੇ ਗਏ ਮ੍ਰਿਤਕਾਂ ਦੀ ਆਤਮਾਵਾਂ ਨੂੰ ਜਿਥੇ ਸ਼ਾਂਤੀ ਬਖਸ਼ਣ, ਉੱਥੇ ਉਨ੍ਹਾਂ ਸਭ ਮਾਨਸਿਕ ਤੌਰ 'ਤੇ ਪੀੜ੍ਹਤ ਪਰਿਵਾਰਾਂ ਦੇ ਇਸ ਦੁੱਖ ਦੀ ਘੜੀ ਵਿਚ ਸਹਾਈ ਹੋਣ ਅਤੇ ਉਨ੍ਹਾਂ ਨੂੰ ਭਾਣਾ ਮੰਨਣ ਦੀ ਸ਼ਕਤੀ ਦੀ ਬਖਸ਼ਿਸ਼ ਕਰਨ । ਇਹ ਅਫਸੋਸ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਵੇਨੇਜ਼ੁਏਲਾ ਦੇ ਕਾਰਜਕਾਰੀ ਪ੍ਰੈਜੀਡੈਂਟ ਰੋਡਰਿਗਜ਼ ਅਤੇ ਉਥੋਂ ਦੀ ਪੀੜ੍ਹਾ 'ਚ ਗੁਜਰ ਰਹੀ ਸਮੁੱਚੀ ਜਨਤਾ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ ਅਤੇ ਉਨ੍ਹਾਂ ਦੀਆਂ ਆਤਮਾਵਾਂ ਦੀ ਸ਼ਾਂਤੀ ਲਈ ਅਰਦਾਸ ਕਰਦੇ ਹੋਏ ਕੀਤਾ । ਉਨ੍ਹਾਂ ਕਿਹਾ ਕਿ ਸਾਡੇ ਸਿੱਖ ਗੁਰੂ ਸਾਹਿਬਾਨ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੇ ਸਾਨੂੰ ਇਕ ਬਹੁਤ ਹੀ ਅਣਮੋਲ ਅਤੇ ਮਨੁੱਖਤਾ ਪੱਖੀ ਬਖਸ਼ਿਸ਼ ਕੀਤੀ ਹੋਈ ਹੈ ਕਿ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਕਿਸੇ ਵੀ ਕੌਮ, ਕਬੀਲੇ, ਫਿਰਕੇ ਆਦਿ ਨਾਲ ਜਦੋਂ ਵੀ ਕੋਈ ਕੁਦਰਤੀ ਆਫਤ ਜਾਂ ਜੰਗਾਂ-ਯੁੱਧਾਂ ਕਾਰਨ ਜਾਂ ਹਕੂਮਤੀ ਜ਼ਬਰ-ਜੁਲਮ ਕਾਰਨ ਭੀੜ ਪਵੇ ਤਾਂ ਹਰ ਗੁਰਸਿੱਖ ਆਪਣੀਆਂ ਨੇਕ ਕਮਾਈਆਂ ਵਿੱਚੋਂ ਦਸਵੰਧ ਕੱਢਕੇ ਜਿਥੇ ਮਾਇਆ ਵੀ ਭੇਜਦੇ ਹਨ, ਬਲਕਿ ਸਰੀਰਕ ਤੌਰ 'ਤੇ ਅਜਿਹੇ ਜੋਖਮ ਭਰੇ ਸਥਾਨਾਂ ਵਿੱਚ ਉੱਥੇ ਪਹੁੰਚ ਕੇ ਮਨੁੱਖਤਾ ਲਈ ਲੰਗਰ, ਕੱਪੜੇ, ਦਵਾਈਆਂ ਅਤੇ ਹੋਰ ਸਮੱਗਰੀ ਦੀ ਸੇਵਾ ਕਰਨ ਦੇ ਫਰਜ ਵੀ ਨਿਰੰਤਰ ਅਦਾ ਕਰਦੇ ਆ ਰਹੇ ਹਨ । ਇਸ ਲਈ ਇਸ ਔਖੀ ਘੜੀ ਵਿਚ ਸਿੱਖ ਜਥੇਬੰਦੀਆ ਅਤੇ ਸਿੱਖਾਂ ਨੂੰ ਉਨ੍ਹਾਂ ਨੇ ਵੇਨੇਜ਼ੁਏਲਾ ਦੇ ਇਸ ਸੰਕਟ ਵਿਚ ਹਰ ਤਰ੍ਹਾਂ ਮਦਦ ਕਰਨ ਦੀ ਜਿਥੇ ਅਪੀਲ ਕੀਤੀ, ਉਥੇ ਉਨ੍ਹਾਂ ਮਨੁੱਖਤਾ ਵਿਰੋਧੀ ਤਾਕਤਾਂ ਜੋ ਅੱਜ ਸਰਬੱਤ ਦਾ ਭਲਾ ਲੋੜਨ ਵਾਲੀ ਸਿੱਖ ਕੌਮ ਨੂੰ ਹਿਮਾਚਲ, ਹਰਿਆਣਾ, ਯੂ.ਪੀ, ਉੱਤਰਾਖੰਡ ਆਦਿ ਜਿਥੇ ਕਿਤੇ ਵੀ ਫਿਰਕੂ ਸਰਕਾਰਾਂ ਅਤੇ ਮੁਤੱਸਵੀ ਸੰਗਠਨ ਸਮਾਜ ਵਿਰੋਧੀ ਸੋਚ ਦੇ ਵਹਿਣ 'ਚ ਵਹਿ ਕੇ ਸਰਬੱਤ ਦਾ ਭਲਾ ਲੋੜਨ ਵਾਲੀ ਸਿੱਖ ਕੌਮ ਉਤੇ ਬਿਨ੍ਹਾਂ ਵਜਹ ਹਮਲੇ ਕਰ ਰਹੇ ਹਨ ਅਤੇ ਸਾਡੇ ਧਾਰਮਿਕ ਚਿੰਨ੍ਹਾ ਦਾ ਅਪਮਾਨ ਕਰ ਰਹੇ ਹਨ, ਉਨ੍ਹਾਂ ਨੂੰ ਉਸ ਅਕਾਲ ਪੁਰਖ ਦੇ ਦਰਸਾਏ ਰਾਹ ਵੱਲ ਇਸਾਰਾ ਕਰਦੇ ਹੋਏ ਕਿਹਾ ਕਿ ਅਜਿਹੀਆ ਸਮਾਜ ਵਿਰੋਧੀ ਕਾਰਵਾਈਆ ਤੋ ਤੋਬਾ ਕਰਕੇ ਜੇਕਰ ਉਹ ਕੁਦਰਤੀ ਆਫਤਾ ਤੋ ਪੀੜਤ ਮਨੁੱਖਤਾ ਤੇ ਇਨਸਾਨਾਂ ਦੀ ਮਦਦ ਕਰ ਸਕਣ ਤਾਂ ਜਿਥੇ ਉਨ੍ਹਾਂ ਦੀ ਆਤਮਾ ਨੂੰ ਸ਼ਾਂਤੀ ਮਿਲੇਗੀ, ਤਾਂ ਉਹ ਆਪਣੀ ਮਨੁੱਖੀ ਤੇ ਆਤਮਿਕ ਸ਼ਕਤੀ ਨੂੰ ਚੰਗੇ ਮਿਸਨ ਵੱਲ ਲਗਾ ਰਹੇ ਹੋਣਗੇ । ਉਨ੍ਹਾਂ ਅਜਿਹੀਆ ਫਿਰਕੂ ਤਾਕਤਾਂ ਨੂੰ ਸਿੱਖ ਕੌਮ ਦੇ ਸਰਬੱਤ ਦੇ ਭਲੇ ਦੇ ਮਿਸਨ ਸੰਬੰਧੀ ਜਾਣੂ ਕਰਵਾਉਦੇ ਹੋਏ ਕਿਹਾ ਕਿ ਸਿੱਖ ਕੌਮ ਤਾਂ ਬਿਨ੍ਹਾਂ ਕਿਸੇ ਵੈਰ ਵਿਰੋਧ, ਈਰਖਾ ਦੇ ਸਦੀਆ ਤੋ ਮਨੁੱਖਤਾ ਦੀ ਸੇਵਾ ਕਰਦੀ ਆ ਰਹੀ ਹੈ।

# ਮੀਂਹ ਵਿਚ ਰੁਲ ਰਹੀਆਂ ਅਖਬਾਰ ਏਜੰਸੀਆਂ, ਸਰਕਾਰ ਦੇ ਵਾਅਦੇ ਨਿਕਲੇ ਲਾਰੇ, ਸ਼ੈਡ ਦੀ ਮੰਗ ਜ਼ੋਰਾਂ 'ਤੇ



ਫ਼ਿਰੋਜ਼ਪੁਰ, 26 ਜੂਨ (ਮਨੋਹਰ ਲਾਲ) : ਫਿਰੋਜ਼ਪੁਰ ਸ਼ਹਿਰ ਵਿੱਚ ਅਖ਼ਬਾਰ ਏਜੰਸੀਆਂ ਦੇ ਮਾਲਕਾਂ ਅਤੇ ਹਾਕਰਾਂ (ਅਖ਼ਬਾਰ ਵੰਡਣ ਵਾਲਿਆਂ) ਦੀ ਹਾਲਤ ਬੇਹੱਦ ਤਰਸਯੋਗ ਬਣੀ ਹੋਈ ਹੈ। ਹਾਲ ਹੀ ਵਿੱਚ ਪਏ ਮੀਂਹ ਨੇ ਇੱਕ ਵਾਰ ਫਿਰ ਇਨ੍ਹਾਂ ਏਜੰਸੀਆਂ ਦੇ ਮਾੜੇ ਹਾਲਾਤ ਨੂੰ ਉਜਾਗਰ ਕਰ ਦਿੱਤਾ ਹੈ, ਜਿੱਥੇ ਖੁੱਲ੍ਹੇ ਅਸਮਾਨ ਹੇਠ ਕੰਮ ਕਰਨ ਕਾਰਨ ਸੈਂਕੜੇ ਅਖ਼ਬਾਰ ਭਿੱਜ ਕੇ ਬਰਬਾਦ ਹੋ ਗਏ। ਇਹ ਸਮੱਸਿਆ ਨਵੀਂ ਨਹੀਂ ਹੈ, ਬਲਕਿ ਲੰਮੇ ਸਮੇਂ ਤੋਂ ਚਲੀ ਆ ਰਹੀ ਹੈ, ਪਰ ਹਰ ਸਰਕਾਰ ਨੇ ਇਨ੍ਹਾਂ ਮਿਹਨਤਕਸ਼ ਲੋਕਾਂ ਨੂੰ ਸਿਰਫ਼ ਲਾਰੇ ਹੀ ਲਾਏ ਹਨ। ਸਥਾਨਕ ਅਖ਼ਬਾਰ ਏਜੰਸੀਆਂ ਦੇ ਮਾਲਕਾਂ ਮੁਤਾਬਕ ਉਹ ਪਿਛਲੇ ਲੰਮੇ ਸਮੇਂ ਤੋਂ ਹਰ ਆਉਣ ਵਾਲੀ ਸਰਕਾਰ ਅਤੇ ਸਥਾਨਕ ਪ੍ਰਸ਼ਾਸਨ ਕੋਲੋਂ ਆਪਣੇ ਕੰਮ ਕਰਨ ਦੀ ਥਾਂ ਤੇ ਇੱਕ ਸ਼ੈੱਡ ਬਣਾ ਕੇ ਦੇਣ ਦੀ ਗੁਹਾਰ ਲਗਾਉਂਦੇ ਆ ਰਹੇ ਹਨ। ਜਦੋਂ ਵੀ ਚੋਣਾਂ ਦਾ ਸਮਾਂ ਆਉਂਦਾ ਹੈ, ਸਿਆਸੀ ਆਗੂ ਉਨ੍ਹਾਂ ਕੋਲ ਵੋਟਾਂ ਮੰਗਣ ਆਉਂਦੇ ਹਨ ਅਤੇ ਵੱਡੇ—ਵੱਡੇ ਵਾਅਦੇ ਕਰਕੇ ਜਾਂਦੇ ਹਨ ਅਤੇ ਉਨ੍ਹਾਂ ਨੂੰ ਭਰੋਸਾ ਦਿੱਤਾ ਜਾਂਦਾ ਹੈ ਕਿ ਉਨ੍ਹਾਂ ਦੀ ਇਹ ਜਾਇਜ਼ ਮੰਗ ਪਹਿਲ ਦੇ ਆਧਾਰ ਤੇ ਪੂਰੀ ਕੀਤੀ ਜਾਵੇਗੀ ਅਤੇ ਉਨ੍ਹਾਂ ਨੂੰ ਮੀਂਹ ਕਣੀ ਤੋਂ ਬਚਣ ਲਈ ਇੱਕ ਪੱਕਾ ਸ਼ੈੱਡ ਬਣਾ ਕੇ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵੋਟਾਂ ਤੋਂ ਬਾਅਦ ਸਭ ਕੁਝ ਭੁੱਲ ਜਾਂਦੇ ਹਨ ਨੇਤਾ, ਪਰ ਜਿਵੇਂ ਹੀ ਚੋਣਾਂ ਖਤਮ ਹੁੰਦੀਆਂ ਹਨ ਅਤੇ ਨੇਤਾ ਸੱਤਾ ਵਿੱਚ ਆ ਜਾਂਦੇ ਹਨ, ਉਹ ਸਾਰੇ ਵਾਅਦੇ ਭੁੱਲ ਜਾਂਦੇ ਹਨ। ਏਜੰਸੀ ਮਾਲਕਾਂ ਨੇ ਦੁੱਖੀ ਮਨ ਨਾਲ ਦੱਸਿਆ ਕਿ ਇਹ ਸਿਲਸਿਲਾ ਸਾਲਾਂ ਤੋਂ ਚੱਲ ਰਿਹਾ ਹੈ। ਕਈ ਪੁਰਾਣੇ ਏਜੰਸੀ ਮਾਲਕ ਤਾਂ ਇਸ ਉਡੀਕ ਵਿੱਚ ਹੀ ਇਸ ਦੁਨੀਆ ਤੋਂ ਖ਼ਸਤ ਹੋ ਗਏ (ਰੱਬ ਨੂੰ ਪਿਆਰੇ ਹੋ ਗਏ) ਕਿ ਸ਼ਾਇਦ ਕਿਸੇ ਦਿਨ ਉਨ੍ਹਾਂ ਨੂੰ ਛੱਤ ਮਿਲੇਗੀ, ਪਰ ਉਨ੍ਹਾਂ ਦੀ ਇਹ ਆਸ ਪੂਰੀ ਨਹੀਂ ਹੋ ਸਕੀ। ਮੌਜੂਦਾ ਹਾਲਾਤ ਇਹ ਹਨ ਕਿ ਅੱਜ ਵੀ ਏਜੰਸੀਆਂ ਨੂੰ ਖੁੱਲ੍ਹੇ ਅਸਮਾਨ ਹੇਠਾਂ ਬੈਠ ਕੇ ਅਖ਼ਬਾਰਾਂ ਦੀ ਛਾਂਟੀ ਅਤੇ ਵੰਡ ਦਾ ਕੰਮ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਹੋਈ ਬਾਰਿਸ਼ ਨੇ ਉਨ੍ਹਾਂ ਦੀਆਂ ਮੁਸ਼ਕਿਲਾਂ ਵਿੱਚ ਹੋਰ ਵਾਧਾ ਕਰ ਦਿੱਤਾ ਹੈ। ਭਿੱਜੇ ਹੋਏ ਅਖਬਾਰ ਪਾਠਕਾਂ ਨੂੰ ਨਹੀਂ ਦਿੱਤੇ ਜਾ ਸਕਦੇ, ਜਿਸ ਕਾਰਨ ਏਜੰਸੀਆਂ ਨੂੰ ਮੁੜ ਤੋਂ ਅਖਬਾਰ ਮੰਗਵਾਉਣੇ ਪੈਂਦੇ ਹਨ ਜਾਂ ਗਾਹਕਾਂ ਦੇ ਗੁੱਸੇ ਦਾ ਸਾਹਮਣਾ ਕਰਨਾ ਪੈਂਦਾ ਹੈ, ਇਸ ਤੋਂ ਇਲਾਵਾ ਮੀਂਹ ਵਿਚ ਭਿੱਜ ਕੇ ਕੰਮ ਕਰਨ ਨਾਲ ਹਾਕਰਾਂ ਦੀ ਸਿਹਤ ਤੇ ਵੀ ਬੁਰਾ ਅਸਰ ਪੈਂਦਾ ਹੈ। ਇਨ੍ਹਾਂ ਹਾਲਾਤਾਂ ਤੋਂ ਤੰਗ ਆ ਕੇ ਸਮੂਹ ਵੀਕੇ ਨਿਊਜ਼ ਏਜੰਸੀ ਅਤੇ ਹੋਰ ਸਥਾਨਕ ਏਜੰਸੀਆਂ ਦੇ ਮਾਲਕਾਂ ਨੇ ਸੂਬੇ ਦੀ ਭਗਵੰਤ ਮਾਨ ਸਰਕਾਰ ਨੂੰ ਹੱਥ ਜੋੜ ਕੇ ਬੇਨਤੀ ਕੀਤੀ ਕਿ ਉਨ੍ਹਾਂ ਦੀ ਲੰਮੇ ਸਮੇਂ ਤੋਂ ਲਟਕਦੀ ਆ ਰਹੀ ਸ਼ੈਡ ਦੀ ਮੰਗ ਨੂੰ ਤੁਰੰਤ ਪੂਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਾਨੂੰ ਬੈਠਣ ਲਈ ਇਕ ਸ਼ੈਡ ਬਣਾ ਕੇ ਦਿੱਤਾ ਜਾਵੇ ਤਾਂ ਜ਼ੋ ਅਸੀਂ ਖੁੱਲੇ ਅਸਮਾਨ ਹੇਠ ਕੰਮ ਕਰਨ ਤੋਂ ਬਚ ਸਕੀਏ ਅਤੇ ਮੀਂਹ ਕਾਰਨ ਸਾਡੀਆਂ ਅਖਬਾਰਾਂ ਬਰਬਾਦ ਨਾ ਹੋਣ। ਅਖਬਾਰ ਏਜੰਸੀਆਂ ਨਾਲ ਜੁੜੇ ਲੋਕ ਸਮਾਜ ਦਾ ਇਕ ਅਹਿਮ ਹਿੱਸਾ ਹਨ, ਜ਼ੋ ਤੜਕਸਾਰ ਉੱਠ ਕੇ ਲੋਕਾਂ ਤੱਕ ਦੇਸ਼—ਦੁਨੀਆਂ ਦੀਆਂ ਖਬਰਾਂ ਪਹੁੰਚਾਉਂਦੇ ਹਨ। ਉਨ੍ਹਾਂ ਦੀਆਂ ਮੁਢਲੀਆਂ ਲੋੜਾਂ ਜਿਵੇਂ ਕਿ ਇਕ ਸੁਰੱਖਿਅਤ ਕੰਮ ਵਾਲੀ ਥਾਂ ਨੂੰ ਪੂਰਾ ਕਰਨਾ ਸਰਕਾਰ ਅਤੇ ਪ੍ਰਸ਼ਾਸਨ ਦੀ ਜਿੰਮੇਵਾਰੀ ਬਣਦੀ ਹੈ। ਹੁਣ ਇਹ ਸਵਾਲ ਉੱਠਦਾ ਹੈ ਕੀ ਬਦਲਾਅ ਦਾ ਨਾਅਰਾ ਦੇਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਇਨ੍ਹਾਂ ਮਿਹਨਤਕਸ਼ ਲੋਕਾਂ ਦੀ ਸਾਰ ਲਵੇਗੀ।

# ਮਮਦੋਟ ਲੜਾਈ ਮਾਮਲਾ: ਸਾਨੂੰ ਸਿਆਸੀ ਰੰਜਿਸ਼ ਤਹਿਤ ਜਾਣਬੁੱਝ ਕੇ ਕੀਤਾ ਜਾ ਰਿਹੈ ਬਦਨਾਮ, ਉੱਚ ਪੱਧਰੀ ਜਾਂਚ ਦੀ ਮੰਗ: ਗੁਰਪ੍ਰੀਤ ਸਿੰਘ ਸੋਖੋਂ



ਫ਼ਿਰੋਜ਼ਪੁਰ, 26 ਜੂਨ (ਮਨੋਹਰ ਲਾਲ) : ਪਿਛਲੇ ਦਿਨੀਂ ਮਮਦੋਟ ਵਿਖੇ ਹੋਈ ਲੜਾਈ ਅਤੇ ਉਸ ਤੋਂ ਬਾਅਦ ਪੈਦਾ ਹੋਏ ਵਿਵਾਦ ਨੂੰ ਲੈ ਕੇ ਅੱਜ ਗੁਰਪ੍ਰੀਤ ਸਿੰਘ ਸੋਖੋਂ ਅਤੇ ਉਨ੍ਹਾਂ ਦੇ ਕਾਨੂੰਨੀ ਸਲਾਹਕਾਰ ਐਡਵੋਕੇਟ ਅਰਸ਼ਦੀਪ ਸਿੰਘ ਰੰਧਾਵਾ ਵੱਲੋਂ ਇੱਕ ਪ੍ਰੈਸ ਕਾਨਫਰੰਸ ਕੀਤੀ ਗਈ। ਹਰੀਸ਼ ਹੋਟਲ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਵਿਰੋਧੀ ਧਿਰਾਂ, ਖਾਸ ਕਰਕੇ ਕਾਂਗਰਸ ਪਾਰਟੀ ਤੇ ਗੰਭੀਰ ਆਰੋਪ ਲਗਾਏ। ਉਨ੍ਹਾਂ ਕਿਹਾ ਕਿ ਜਦੋਂ ਵੀ ਇਲਾਕੇ ਵਿੱਚ ਕੋਈ ਲੜਾਈ ਝਗੜਾ ਹੁੰਦਾ ਹੈ ਤਾਂ ਸਿਆਸੀ ਰੰਜਿਸ਼ ਦੇ ਚੱਲਦਿਆਂ ਸਭ ਤੋਂ ਪਹਿਲਾਂ ਗੁਰਪ੍ਰੀਤ ਸਿੰਘ ਸੋਖੋਂ ਦਾ ਨਾਮ ਜਾਣਬੁੱਝ ਕੇ ਘਸੀਟਿਆ ਜਾਂਦਾ ਹੈ ਤਾਂ ਜੋ ਉਨ੍ਹਾਂ ਦੇ ਅਕਸ ਨੂੰ ਖ਼ਰਾਬ ਕੀਤਾ ਜਾ ਸਕੇ। ਗੱਲਬਾਤ ਕਰਦਿਆਂ ਗੁਰਪ੍ਰੀਤ ਸਿੰਘ ਸੋਖੋਂ ਅਤੇ ਐਡਵੋਕੇਟ ਰੰਧਾਵਾ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਅਸੀਂ ਚੋਣਾਂ ਦੌਰਾਨ 13 ਦੀਆਂ 13 ਸੀਟਾਂ ਤੇ ਸ਼ਾਨਦਾਰ ਜਿੱਤ ਹਾਸਲ ਕੀਤੀ ਸੀ, ਇਸ ਇਤਿਹਾਸਕ ਜਿੱਤ ਨੂੰ ਕਾਂਗਰਸੀ ਆਗੂ ਹਜ਼ਮ ਨਹੀਂ ਕਰ ਪਾ ਰਹੇ ਹਨ। ਉਨ੍ਹਾਂ ਸਿੱਧਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਕਾਂਗਰਸ ਦੇ ਆਗੂ ਕੁਲਬੀਰ ਸਿੰਘ ਜ਼ੀਰਾ ਇਸ ਹਾਰ ਦੀ ਬੌਖਲਾਹਟ ਵਿੱਚ ਸਾਨੂੰ ਨਿਸ਼ਾਨਾ ਬਣਾ ਰਹੇ ਹਨ ਅਤੇ ਸਿਆਸੀ ਹਿੱਤਾਂ ਲਈ ਲਗਾਤਾਰ ਬਦਨਾਮ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਕਾਗਜ ਦਾਖਲ ਕਰਨ ਸਮੇਂ ਮਮਦੋਟ ਵਿਖੇ ਹੋਈ ਘਟਨਾ ਤੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕਰਦਿਆਂ ਗੁਰਪ੍ਰੀਤ ਸਿੰਘ ਸੇਖੋਂ ਨੇ ਕਿਹਾ ਕਿ ਮਮਦੋਟ ਵਿੱਚ ਹੋਈ ਲੜਾਈ ਦੌਰਾਨ ਸਾਡੇ ਕਿਸੇ ਵੀ ਵਿਅਕਤੀ ਜਾਂ ਅਕਾਲੀ ਵਰਕਰ ਜਾਂ ਸਾਡੇ ਕਿਸੇ ਵੀ ਬੰਦੇ ਕੋਲ ਕੋਈ ਅਸਲਾ ਜਾਂ ਲਾਇਸੰਸੀ ਹਥਿਆਰ ਨਹੀਂ ਸੀ। ਉਨ੍ਹਾਂ ਦਾਅਵਾ ਕੀਤਾ ਕਿ ਸਾਡੇ ਆਗੂਆਂ ਜਾਂ ਸਾਥੀਆਂ ਵੱਲੋਂ ਕੋਈ ਗੋਲੀ ਨਹੀਂ ਚਲਾਈ ਗਈ ਅਤੇ ਨਾ ਹੀ ਘਟਨਾ ਸਥਾਨ ਤੇ ਸਾਡਾ ਕੋਈ ਆਦਮੀ ਮੌਜੂਦ ਸੀ। ਜਿਨ੍ਹਾਂ ਲੋਕਾਂ ਨੇ ਕਾਗਜ਼ ਦਾਖਲ ਕੀਤੇ ਸਨ, ਉਨ੍ਹਾਂ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਇਹ ਉਹ ਲੋਕ ਹਨ ਜੋ ਸਾਨੂੰ ਹੜ੍ਹਾਂ ਦੇ ਦਿਨਾਂ ਦੌਰਾਨ ਮਿਲੇ ਸਨ। ਅਸੀਂ ਜਲੰਧਰ, ਜੀਰਾ, ਫਿਰੋਜ਼ਪੁਰ ਅਤੇ ਹੋਰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰਾਸ਼ਨ ਵੰਡ ਕੇ ਲੋੜਵੰਦਾਂ ਦੀ ਮੱਦਦ ਕਰ ਰਹੇ ਸੀ। ਗੱਲਬਾਤ ਕਰਦਿਆਂ ਗੁਰਪ੍ਰੀਤ ਸਿੰਘ ਸੇਖੋਂ ਨੇ ਚੁਣੌਤੀ ਦਿੱਤੀ ਕਿ ਜੇਕਰ ਕੋਈ ਇਹ ਕਹਿ ਦੇਵੇ ਕਿ ਗੁਰਪ੍ਰੀਤ ਸਿੰਘ ਸੇਖੋਂ ਲੜਾਈ ਵਿਚ ਸ਼ਾਮਲ ਸੀ ਤਾਂ ਉਹ ਉਨ੍ਹਾਂ ਪੰਜ ਆਦਮੀਆਂ ਨੂੰ ਸਭ ਦੇ ਸਾਹਮਣੇ ਬਿਠਾ ਲੈਣ ਤਾਂ ਜ਼ੋ ਸਚਾਈ ਸਾਹਮਣੇ ਆ ਸਕੇ। ਉਨ੍ਹਾਂ ਇਲਜਾਮ ਲਗਾਇਆ ਕਿ ਕੁਲਬੀਰ ਸਿੰਘ ਨੇ ਆਸ਼ੂ ਬੰਗੜ ਨੂੰ ਮੋਹਰਾ ਬਣਾ ਕੇ ਵਰਤ ਰਿਹਾ ਹੈ ਅਤੇ ਵੀਡੀਓ ਵਿਚ ਵੀ ਸਾਫ ਦਿਖ ਰਿਹਾ ਹੈ ਕਿ ਆਸ਼ੂ ਬੰਗੜ ਨੇ ਇੱਟ ਚੁੱਕੀ ਸੀ। ਅੰਤ ਵਿਚ ਉਨ੍ਹਾਂ ਕਿਹਾ ਕਿ ਇਹ ਸਭ ਇਕ ਗਿਣੀ—ਮਿਥੀ ਸਾਜਿਸ਼ ਹੈ ਤਾਂ ਜ਼ੋ ਗੁਰਪ੍ਰੀਤ ਸਿੰਘ ਸੇਖੋਂ ਨੂੰ ਗੈਂਗਸਟਰ ਵਜੋਂ ਬਦਨਾਮ ਕੀਤਾ ਜਾ ਸਕੇ। ਉਨ੍ਹਾਂ ਉੱਚ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਮਮਦੋਟ ਲੜਾਈ ਦੀ ਅਸਲੀਅਤ ਸਾਹਮਣੇ ਲਿਆਂਦੀ ਜਾਵੇ ਅਤੇ ਦੋਸ਼ੀਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।